ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 1 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੬ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

ਪਰਵਿੰਦਰ ਝੋਟਾ ਕਤਲ ਮਾਮਲੇ 'ਚ ਡਰੱਗ ਇੰਸਪੈਕਟਰ ਦੀਆਂ ਵਧੀਆਂ ਮੁਸ਼ਕਲਾਂ, ਵਿਜੀਲੈਂਸ ਨੇ ਕੱਸਿਆ ਸ਼ਿਕੰਜਾ

ਮਾਨਸਾ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਪਰਵਿੰਦਰ ਝੋਟਾ ਕਤਲ ਮਾਮਲੇ 'ਚ ਡਰੱਗ ਇੰਸਪੈਕਟਰ ਨਰੇਸ਼



ਕੁਮਾਰ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਵਿਜੀਲੈਂਸ ਬਿਊਰੋ ਨੇ ਇੰਸਪੈਕਟਰ ਖਿਲਾਫ਼ ਵੱਡੀ ਕਾਰਵਾਈ ਕਰਦਿਆਂ ਉਸਦੀ ਜਾਇਦਾਦ ਦਾ ਵੇਰਵਾ ਮੰਗਿਆ ਹੈ। ਜਾਣਕਾਰੀ ਅਨੁਸਾਰ ਨੇ ਨਾ ਸਿਰਫ਼ ਡਰੱਗ ਇੰਸਪੈਕਟਰ, ਸਗੋਂ ਉਸਦੀ ਪਤਨੀ ਅਤੇ ਪਿਤਾ ਦੇ ਨਾਂ 'ਤੇ ਜਾਇਦਾਦ ਦਾ ਵੀ ਬਿਊਰਾ ਮੰਗਿਆ ਹੈ। ਵਿਜੀਲੈਂਸ ਵੱਲੋਂ ਹੁਣ ਜਾਂਚ ਕੀਤੀ ਜਾਵੇਗੀ ਕਿ ਕਿਤੇ ਆਮਦਨ ਤੋਂ ਵੱਧ ਜਾਇਦਾਦ ਤਾਂ ਨਹੀਂ ਬਣਾਈ ਗਈ। ਦੱਸਣਯੋਗ ਹੈ ਕਿ ਡਰੱਗ ਇੰਸਪੈਕਟਰ 'ਤੇ ਗੰਭੀਰ ਇਲਜ਼ਾਮ ਲੱਗੇ ਹਨ। ਦੋਸ਼ ਹੈ ਕਿ ਬਤੌਰ ਡਰੱਗ ਇੰਸਪੈਕਟਰ ਉਸਦੀ ਜ਼ਿੰਮੇਵਾਰੀ ਬਣਦੀ ਸੀ ਕਿ ਪਰਵਿੰਦਰ ਝੋਟਾ ਦੀ ਸ਼ਿਕਾਇਤ ਦੇ ਆਧਾਰ 'ਤੇ ਮੈਡੀਕਲ ਸਟੋਰ 'ਤੇ ਨਸ਼ਾ ਸਪਲਾਈ ਦੇ ਮਾਮਲੇ 'ਚ ਕਾਰਵਾਈ ਕਰੇ, ਪਰ ਸਮੇਂ ਸਿਰ ਕਾਰਵਾਈ ਨਹੀਂ ਕੀਤੀ ਗਈ। ਇਸ ਤੋਂ ਬਾਅਦ ਜਦੋਂ ਪਰਵਿੰਦਰ ਝੋਟੇ ਨੇ ਆਪਣੇ ਪੱਧਰ 'ਤੇ ਰੇਡ ਕੀਤੀ ਤਾਂ ਉਸਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਪੀੜਤ ਪਰਿਵਾਰ ਵੱਲੋਂ ਵੀ ਲਗਾਤਾਰ ਡਰੱਗ ਇੰਸਪੈਕਟਰ ਖਿਲਾਫ਼ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਤੋਂ ਬਾਅਦ ਹੁਣ ਵਿਜੀਲੈਂਸ ਨੇ ਜਾਂਚ ਤੇਜ਼ ਕਰ ਦਿੱਤੀ ਹੈ।

ਪੰਜਾਬ ਵਿਧਾਨ ਸਭਾ ਚੋਣਾਂ

'ਆਪ' ਨੇ ਐਲਾਨੇ 40 ਉਮੀਦਵਾਰ

ਨਵੀਂ ਦਿੱਲੀ/ਚੰਡੀਗੜ੍ਹ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਦਿੱਲੀ ਵਿੱਚ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ 'ਤੇ ਪੌਲਿਟਿਕਲ ਅਫੇਅਰ ਕਮੇਟੀ ਦੀ ਬੈਠਕ ਹੋਈ। ਜਿਸ ਵਿੱਚ ਪੰਜਾਬ ਆਮ ਆਦਮੀ





ਪਾਰਟੀ ਦੀ ਪਹਿਲੀ ਲਿਸਟ ਜਾਰੀ ਕੀਤੀ ਗਈ ਹੈ। ਲਿਸਟ ਵਿੱਚ ਸਭ ਤੋਂ ਉਪਰ ਮੁੱਖ ਮੰਤਰੀ ਭਗਵੰਤ ਮਾਨ ਦਾ ਨਾਮ ਹੈ। ਉਹ ਧੂਰੀ ਵਿਧਾਨ ਸਭਾ ਤੋਂ ਮੁੜ ਚੋਣ ਲੜਨਗੇ। ਬਟਾਲਾ ਸੀਟ ਤੋਂ ਅਮਨ ਸਿੰਘ ਸ਼ੇਰੀ ਕਲਸੀ ਚੋਣ ਲੜਨਗੇ। ਮੁੱਖ ਮੰਤਰੀ ਭਗਵੰਤ ਮਾਨ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਧੂਰੀ ਹਲਕੇ ਤੋਂ ਚੋਣ ਲੜਨਗੇ। ਹਾਲਾਂਕਿ ਉਨ੍ਹਾਂ ਵੱਲੋਂ ਆਪਣੀ ਸੀਟ ਬਦਲਣ ਬਾਰੇ ਕਿਆਸਅਰਾਈਆਂ ਲਗਾਈਆਂ ਜਾ ਰਹੀਆਂ ਸਨ, ਪਰ ਹੁਣ ਇਸ ਗੱਲ ਦੀ ਪੂਰੀ ਸੰਭਾਵਨਾ ਹੈ ਕਿ ਉਹ ਇੱਕ ਵਾਰ ਫਿਰ ਧੂਰੀ ਤੋਂ ਹੀ ਚੋਣ ਮੈਦਾਨ ਵਿੱਚ ਉਤਰਨਗੇ। ਪਹਿਲੀ ਸੂਚੀ ਵਿੱਚ ਸ਼ਾਮਲ 40 ਉਮੀਦਵਾਰਾਂ ਵਿੱਚੋਂ 8 ਉਮੀਦਵਾਰ ਐਸ.ਸੀ. ਵਰਗ ਨਾਲ ਸਬੰਧਤ ਹਨ ਪੰਜਾਬ ਚੋਣਾਂ ਲਈ ਆਮ ਆਦਮੀ ਪਾਰਟੀ ਵੱਲੋਂ ਐਲਾਨੇ ਗਏ 40 ਉਮੀਦਵਾਰਾਂ ਵਿੱਚੋਂ 8 ਉਮੀਦਵਾਰ ਐਸ.ਸੀ. ਵਰਗ ਨਾਲ ਸਬੰਧਤ ਹਨ। ਇਨ੍ਹਾਂ ਵਿੱਚ ਬਲਕਾਰ ਸਿੰਘ (ਕਰਤਾਰਪੁਰ, ਜਲੰਧਰ), ਇਸ਼ਾਂਕ ਕੁਮਾਰ ਚੱਬੇਵਾਲ (ਚੱਬੇਵਾਲ, ਹੁਸ਼ਿਆਰਪੁਰ), ਗੁਰਿੰਦਰ ਸਿੰਘ 'ਗੈਰੀ' ਵੜਿੰਗ (ਅਮਲੋਹ, ਫਤਿਹਗੜ੍ਹ ਸਾਹਿਬ), ਮਨਵਿੰਦਰ ਸਿੰਘ ਗਿਆਸਪੁਰਾ (ਪਾਇਲ, ਲੁਧਿਆਣਾ), ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ, ਮੋਗਾ), ਅਮੋਲਕ ਸਿੰਘ (ਜੈਤੋ, ਫਰੀਦਕੋਟ), ਲਾਭ ਸਿੰਘ ਉਗੋਕੇ (ਭਦੌੜ, ਬਰਨਾਲਾ) ਅਤੇ ਕੁਲਵੰਤ ਸਿੰਘ (ਮਹਿਲ ਕਲਾਂ, ਬਰਨਾਲਾ) ਸ਼ਾਮਲ ਹਨ।

ਭਾਜਪਾ ਨੇ 'ਆਪ' ਦੀ 40 ਉਮੀਦਵਾਰਾਂ ਦੀ ਪਹਿਲੀ ਸੂਚੀ ਨੂੰ ਪੰਜਾਬ ਬਰਬਾਦ ਕਰਨ ਵਾਲਿਆਂ ਦੀ ਸੂਚੀ ਦੱਸਿਆ


ਚੰਡੀਗੜ੍ਹ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਆਮ ਆਦਮੀ ਪਾਰਟੀ ਵੱਲੋਂ 40 ਉਮੀਦਵਾਰਾਂ ਦੀ ਪਹਿਲੀ



ਸੂਚੀ ਜਾਰੀ ਕੀਤੇ ਜਾਣ 'ਤੇ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਲਿਸਟ 40 ਉਮੀਦਵਾਰਾਂ ਦੀ ਨਹੀਂ, ਬਲਕਿ ਪੰਜਾਬ ਦੀ ਬਰਬਾਦੀ ਦੇ 40 ਹਿੱਸੇਦਾਰਾਂ ਦੀ ਲਿਸਟ ਹੈ। ਇਹ ਸੂਚੀ ਇਮਾਨਦਾਰ ਅਤੇ ਜਨਤਕ ਸੇਵਾ ਕਰਨ ਵਾਲੇ ਵਿਅਕਤੀਆਂ ਦੀ ਨਹੀਂ ਹੈ, ਸਗੋਂ ਗੰਭੀਰ ਦੋਸ਼ਾਂ ਅਤੇ ਵਿਵਾਦਾਂ ਵਿੱਚ ਘਿਰੇ ਆਗੂਆਂ ਦੀ ਹੈ। ਉਨ੍ਹਾਂ ਕਿਹਾ ਕਿ ਸੂਚੀ ਵਿਚ ਸ਼ਾਮਲ ਬਹੁਤ ਸਾਰੇ ਉਮੀਦਵਾਰਾਂ 'ਤੇ ਭ੍ਰਿਸ਼ਟਾਚਾਰ, ਧੋਖਾਧੜੀ, ਮਨੀ ਲਾਂਡਰਿੰਗ ਅਤੇ ਹੋਰ ਗੰਭੀਰ ਮਾਮਲਿਆਂ ਦੇ ਦੋਸ਼ ਹਨ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ "'ਆਪ' ਉਮੀਦਵਾਰ ਪਹਿਲਾਂ ਐਲਾਨੇ ਜਾਂ ਬਾਅਦ ਵਿਚ, ਪੰਜਾਬ ਦੇ ਲੋਕਾਂ ਨੇ ਇਨ੍ਹਾਂ ਨੂੰ ਹੁਣ ਦੁਬਾਰਾ ਮੂੰਹ ਨਹੀਂ ਲਾਉਣਾ। ਝੂਠੇ ਵਾਅਦਿਆਂ ਦੇ ਜਾਲ ਵਿਚ ਪੰਜਾਬ ਇਕ ਵਾਰ ਫਸ ਚੁੱਕਾ ਹੈ, ਦੂਜੀ ਵਾਰ ਨਹੀਂ ਫਸੇਗਾ।" ਸੂਬਾ ਪ੍ਰਧਾਨ ਨੇ ਕਿਹਾ ਕਿ 'ਆਪ' ਦਾ ਬਦਲਾਅ ਪੰਜਾਬ ਨੂੰ ਬਹੁਤ ਮਹਿੰਗਾ ਪਿਆ ਹੈ ਅਤੇ ਸਰਕਾਰ ਹਰ ਮੋਰਚੇ 'ਤੇ ਨਿਕੰਮੀ ਸਾਬਤ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਦਿੱਲੀ ਤੋਂ ਹਾਰ ਕੇ ਆਏ ਪਾਰਟੀ ਦੇ ਆਕਾਵਾਂ ਅਤੇ ਵਿਧਾਇਕਾਂ ਨੇ ਪੰਜ ਸਾਲ ਪੰਜਾਬ ਨੂੰ ਰੱਜ ਕੇ ਲੁੱਟਿਆ ਹੈ ਅਤੇ ਹੁਣ ਦੁਬਾਰਾ ਲੁੱਟ ਦੀ ਤਿਆਰੀ ਵਿਚ ਹਨ, ਜਿਸ ਨੂੰ ਪੰਜਾਬ ਦੇ ਲੋਕ ਕਦੇ ਬਰਦਾਸ਼ਤ ਨਹੀਂ ਕਰਨਗੇ। ਢਿੱਲੋਂ ਨੇ ਕਿਹਾ ਕਿ ਪੰਜ ਸਾਲਾਂ ਵਿਚ ਇਨ੍ਹਾਂ ਨੇ ਪੰਜਾਬ ਦਾ ਸਤਿਆਨਾਸ਼ ਕਰ ਦਿੱਤਾ ਹੈ। ਜਿਨ੍ਹਾਂ ਚਿਹਰਿਆਂ ਨੂੰ ਪਾਰਟੀ ਨੇ ਮੁੜ ਮੈਦਾਨ ਵਿਚ ਉਤਾਰਿਆ ਹੈ, ਉਹ ਪੌਣੇ ਪੰਜ ਸਾਲ ਤੋਂ ਸੱਤਾ ਵਿਚ ਹਨ ਅਤੇ ਪੰਜਾਬ ਦੀ ਬਰਬਾਦੀ ਵਿਚ ਬਰਾਬਰ ਦੇ ਭਾਈਵਾਲ ਹਨ।

ਟਲ ਗਈ ਪੰਜਾਬੀ ਮੁੰਡਿਆਂ ਦੀ ਫਾਂਸੀ ! ਸਾਊਦੀ ਅਰਬ ਦੀ ਅਦਾਲਤ ਨੇ ਸਜ਼ਾ 'ਤੇ ਲਾਈ ਰੋਕ

ਰਿਆਧ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਸਾਊਦੀ ਅਰਬ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੋਂ ਦੀ ਜੇਲ੍ਹ 'ਚ ਬੰਦ 2 ਪੰਜਾਬੀ ਨੌਜਵਾਨਾਂ ਦੀ ਫਾਂਸੀ ਦੀ ਸਜ਼ਾ ਫਿਲਹਾਲ ਟਲ ਗਈ ਹੈ, ਜਿਸ ਨਾਲ ਦੋਵਾਂ ਪਰਿਵਾਰਾਂ ਨੇ ਸੁੱਖ ਦਾ ਸਾਹ ਲਿਆ ਹੈ। ਸਾਊਦੀ ਅਦਾਲਤ ਦੇ ਇਸ ਫ਼ੈਸਲੇ ਨਾਲ ਦੋਵਾਂ ਪੰਜਾਬੀਆਂ ਦੀ ਸੁਰੱਖਿਅਤ ਭਾਰਤ ਵਾਪਸੀ ਦੀ ਉਮੀਦ ਜਾਗ ਪਈ ਹੈ। ਦੋਵਾਂ ਨੌਜਵਾਨਾਂ ਦੀ ਪਛਾਣ ਸ੍ਰੀ ਚਮਕੌਰ ਸਾਹਿਬ ਜ਼ਿਲ੍ਹੇ ਦੇ ਪਿੰਡ ਬਰਸਾਲਪੁਰ ਦੇ ਰਹਿਣ ਵਾਲੇ ਗੁਰਦੀਪ ਸਿੰਘ ਅਤੇ ਸਮਰਾਲਾ ਨੇੜਲੇ ਪਿੰਡ ਮਾਣਕੀ ਦੇ ਸੁਖਚੈਨ ਸਿੰਘ ਵਜੋਂ ਹੋਈ ਹੈ। ਦੋਵਾਂ ਨੌਜਵਾਨਾਂ ਦੀ ਸਾਊਦੀ ਅਰਬ 'ਚ ਇਕ ਪਾਕਿਸਤਾਨੀ ਨਾਗਰਿਕ ਨਾਲ



ਲੜਾਈ ਹੋ ਗਈ ਸੀ, ਜਿਸ ਦੌਰਾਨ ਪਾਕਿਸਤਾਨੀ ਨਾਗਰਿਕ ਦੀ ਮੌਤ ਹੋ ਗਈ ਸੀ। ਇਸ ਮਾਮਲੇ 'ਚ ਦੋਵੇਂ ਉੱਥੋਂ ਦੀ ਜੇਲ੍ਹ ਵਿੱਚ ਬੰਦ ਹਨ ਤੇ ਅਦਾਲਤ ਵੱਲੋਂ ਉਨ੍ਹਾਂ ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ ਸੀ, ਜਿਸ ਤੋਂ ਬਾਅਦ ਦੋਵਾਂ ਪਰਿਵਾਰਾਂ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਸੀ। ਅਦਾਲਤ ਦੇ ਇਸ ਫ਼ੈਸਲੇ ਮਗਰੋਂ ਦੋਵੇਂ ਪਰਿਵਾਰ ਲਗਾਤਾਰ ਪੰਜਾਬ ਅਤੇ ਕੇਂਦਰ ਸਰਕਾਰ ਤੋਂ ਆਪਣੇ ਪੁੱਤਾਂ ਦੀ ਜਾਨ ਬਚਾਉਣ ਲਈ ਗੁਹਾਰ ਲਗਾ ਰਹੇ ਸਨ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸ੍ਰੀ ਚਮਕੌਰ ਸਾਹਿਬ ਤੋਂ ਭਾਜਪਾ ਆਗੂ ਮੇਜਰ ਅੰਜੂ ਬਾਲਾ ਨੇ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਕਰ ਕੇ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਸੀ। ਉਨ੍ਹਾਂ ਨੇ ਇਸ ਮੁੱਦੇ ਨੂੰ ਕੇਂਦਰੀ ਅਤੇ ਵਿਦੇਸ਼ ਮੰਤਰਾਲੇ ਦੇ ਸੀਨੀਅਰ ਅਧਿਕਾਰੀਆਂ ਤੱਕ ਪਹੁੰਚਾਇਆ, ਜਿਸ ਤੋਂ ਬਾਅਦ ਕੂਟਨੀਤਕ ਪੱਧਰ 'ਤੇ ਕਾਰਵਾਈ ਸ਼ੁਰੂ ਕੀਤੀ ਗਈ। ਕੇਂਦਰ ਸਰਕਾਰ ਅਤੇ ਵਿਦੇਸ਼ ਮੰਤਰਾਲੇ ਦੁਆਰਾ ਕੀਤੀ ਗਈ ਸਫ਼ਲ ਕੂਟਨੀਤਕ ਪੈਰਵੀ ਤੋਂ ਬਾਅਦ ਅਦਾਲਤ ਵੱਲੋਂ ਫਾਂਸੀ ਦੀ ਸਜ਼ਾ 'ਤੇ ਫਿਲਹਾਲ ਰੋਕ ਲਗਾ ਦਿੱਤੀ ਗਈ ਹੈ। ਪੀੜਤ ਪਰਿਵਾਰਾਂ ਨੇ ਕੇਂਦਰ ਸਰਕਾਰ ਅਤੇ ਮੇਜਰ ਅੰਜੂ ਬਾਲਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ ਅਤੇ ਆਸ ਜਤਾਈ ਹੈ ਕਿ ਉਨ੍ਹਾਂ ਦੇ ਪੁੱਤਰ ਜਲਦ ਸੁਰੱਖਿਅਤ ਘਰ ਪਰਤਣਗੇ।

ਦਲਜੀਤ ਸਿੰਘ ਦੇ ਸਸਕਾਰ ਬਾਰੇ ਪੰਜਾਬ ਸਰਕਾਰ ਨੇ ਹਾਈਕੋਰਟ 'ਚ ਦਾਖਲ ਕੀਤਾ ਜਵਾਬ



ਚੰਡੀਗੜ੍ਹ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਮਾਨਸਾ ਦੇ ਭੰਮੇ ਕਲਾਂ 'ਚ ਨੌਜਵਾਨ ਦੀ ਮੌਤ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਨੇ ਸਸਕਾਰ ਬਾਰੇ ਪੰਜਾਬ-ਹਰਿਆਣਾ ਹਾਈਕੋਰਟ 'ਚ ਜਵਾਬ ਦਾਖਲ ਕੀਤਾ ਹੈ ਕਿ ਪੁਲਿਸ ਅਜੇ ਮ੍ਰਿਤਕ ਦਲਜੀਤ ਸਿੰਘ ਦਾ ਅੰਤਿਮ ਸੰਸਕਾਰ ਨਹੀਂ ਕਰੇਗੀ। ਜ਼ਿਕਰਯੋਗ ਹੈ ਕਿ ਮ੍ਰਿਤਕ ਦਲਜੀਤ ਸਿੰਘ ਦੀ ਭੈਣ ਅਮਰਜੀਤ ਕੌਰ ਨੇ ਹਾਈ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਹੈ, ਜਿਸ ਵਿੱਚ ਇਸ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਗਈ ਹੈ, ਜਿਸ ਵਿੱਚ ਪੀਜੀਆਈ ਵਿਖੇ ਉਸਦੀ ਲਾਸ਼ ਦਾ ਪੋਸਟਮਾਰਟਮ ਵੀ ਸ਼ਾਮਲ ਹੈ। ਉਸਨੇ ਕਿਹਾ ਕਿ ਉਸਨੂੰ ਡਰ ਹੈ ਕਿ ਪੁਲਿਸ ਕਿਸੇ ਵੀ ਸਮੇਂ ਉਸਦੇ ਭਰਾ ਦਾ ਸਸਕਾਰ ਕਰ ਸਕਦੀ ਹੈ, ਅਤੇ ਇਸ ਲਈ, ਉਸਨੇ ਹਾਈ ਕੋਰਟ ਨੂੰ ਬੇਨਤੀ ਕੀਤੀ ਕਿ ਉਸਦੀ ਲਾਸ਼ ਪਰਿਵਾਰ ਨੂੰ ਸੌਂਪ ਦਿੱਤੀ ਜਾਵੇ ਅਤੇ ਉਨ੍ਹਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਜਾਵੇ। ਇਸ ਪਟੀਸ਼ਨ 'ਤੇ ਅੱਜ ਤੁਰੰਤ ਸੁਣਵਾਈ ਦੀ ਮੰਗ ਕੀਤੀ ਸੀ, ਜਿਸ 'ਤੇ ਹਾਈ ਕੋਰਟ ਨੇ ਸਰਕਾਰ ਤੋਂ ਜਵਾਬ ਮੰਗਿਆ ਸੀ। ਸਰਕਾਰ ਨੇ ਉਨ੍ਹਾਂ ਨੂੰ ਸੂਚਿਤ ਕੀਤਾ ਕਿ ਦਲਜੀਤ ਸਿੰਘ ਦਾ ਅੰਤਿਮ ਸੰਸਕਾਰ ਫਿਲਹਾਲ ਨਹੀਂ ਕੀਤਾ ਜਾਵੇਗਾ। ਇਸ ਤੋਂ ਬਾਅਦ, ਹਾਈ ਕੋਰਟ ਨੇ ਸੋਮਵਾਰ ਨੂੰ ਸੁਣਵਾਈ ਤੈਅ ਕੀਤੀ। ਹਾਈ ਕੋਰਟ ਹੁਣ ਸੋਮਵਾਰ ਨੂੰ ਪਟੀਸ਼ਨ 'ਤੇ ਸੁਣਵਾਈ ਕਰੇਗਾ।

ਮੁੜ ਸੀਬੀਆਈ ਸਾਹਮਣੇ ਪੇਸ਼ ਹੋਏ ਰਾਜਬੀਰ ਘੁੰਮਣ

ਚੰਡੀਗੜ੍ਹ : ਭ੍ਰਿਸ਼ਟਾਚਾਰ ਮਾਮਲੇ ਵਿਚ ਸੀਬੀਆਈ ਦੀ ਜਾਂਚ ਲਗਾਤਾਰ ਜਾਰੀ ਹੈ। ਇਸ ਦੇ ਚੱਲਦੇ ਮੁੱਖ ਮੰਤਰੀ ਦੇ ਓਐੱਸਡੀ ਰਾਜਬੀਰ ਸਿੰਘ ਘੁੰਮਣ ਅੱਜ ਮੁੜ ਚੰਡੀਗੜ੍ਹ ਦੇ ਸੈਕਟਰ-30 ਸਥਿਤ ਸੀਬੀਆਈ ਦਫ਼ਤਰ ਵਿਖੇ ਪੇਸ਼ ਹੋਣ ਲਈ ਪਹੁੰਚੇ। ਇਸ ਤੋਂ ਪਹਿਲਾਂ ਰਾਜਬੀਰ ਘੁੰਮਣ ਨੂੰ 16 ਅਕਤੂਬਰ, 19 ਅਕਤੂਬਰ ਅਤੇ 23 ਅਕਤੂਬਰ ਨੂੰ ਪੁੱਛਗਿੱਛ ਲਈ ਬੁਲਾਇਆ ਜਾ ਚੁੱਕਾ ਹੈ। ਇਹ ਜਾਂਚ ਕਥਿਤ ਭ੍ਰਿਸ਼ਟਾਚਾਰ ਅਤੇ ਸਰਕਾਰੀ ਤਬਾਦਲਿਆਂ, ਟੈਂਡਰਾਂ ਤੇ ਪ੍ਰਸ਼ਾਸਨਿਕ ਫ਼ੈਸਲਿਆਂ ਵਿਚ ਕਥਿਤ ਦਖ਼ਲ ਦੇ ਦੋਸ਼ਾਂ ਨਾਲ ਸਬੰਧਤ ਹੈ।



ਅੰਮ੍ਰਿਤਸਰ ਏਅਰਪੋਰਟ 'ਤੇ ਯਾਤਰੀਆਂ ਨੂੰ ਮਿਲੇਗੀ ਵੱਡੀ ਸਹੂਲਤ, ਹੁਣ ਨਹੀਂ ਦਿਖਾਉਣੇ ਪੈਣਗੇ ਦਸਤਾਵੇਜ਼



ਅੰਮ੍ਰਿਤਸਰ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਸ੍ਰੀ ਗੁਰੂ ਰਾਮ ਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਅੰਤਰਰਾਸ਼ਟਰੀ ਯਾਤਰੀਆਂ ਲਈ ਡਿਜੀਯਾਤਰਾ ਸੁਵਿਧਾ ਦਾ ਲਾਈਵ ਟ੍ਰਾਇਲ 1 ਨਵੰਬਰ 2026 ਤੋਂ ਸ਼ੁਰੂ ਹੋਣ ਜਾ ਰਿਹਾ ਹੈ। ਇਸ ਸਹੂਲਤ ਦੇ ਸ਼ੁਰੂ ਹੋਣ ਨਾਲ ਈ-ਚਿੱਪ ਯੁਕਤ ਪਾਸਪੋਰਟ ਰੱਖਣ ਵਾਲੇ ਭਾਰਤੀ ਅੰਤਰਰਾਸ਼ਟਰੀ ਯਾਤਰੀਆਂ ਨੂੰ ਚਿਹਰੇ ਦੀ ਪਛਾਣ (ਫੇਸ ਸਕੈਨ) ਪ੍ਰਣਾਲੀ ਦੀ ਵਰਤੋਂ ਕਰਕੇ ਟਰਮੀਨਲ ਇਮਾਰਤ ਵਿੱਚ ਦਾਖਲ ਹੋ ਸਕਣਗੇ। ਇਸ ਨਾਲ ਯਾਤਰੀਆਂ ਨੂੰ ਐਂਟਰੀ ਦੌਰਾਨ ਬਾਰ-ਬਾਰ ਆਪਣੇ ਦਸਤਾਵੇਜ਼ ਦਿਖਾਉਣ ਦੀ ਲੋੜ ਘਟੇਗੀ, ਜਿਸ ਨਾਲ ਪ੍ਰਕਿਰਿਆ ਸੁਚੱਜੀ, ਸੁਗਮ ਅਤੇ ਸਮਾਂ ਬਚਾਉਣ ਵਾਲੀ ਹੋਵੇਗੀ। ਏਅਰਪੋਰਟ 'ਤੇ ਫੇਸ ਸਕੈਨਰ ਮਸ਼ੀਨਾਂ ਲਗਾਈਆਂ ਜਾ ਚੁੱਕੀਆਂ ਹਨ ਅਤੇ ਅਤੇ ਇਸ ਸਹੂਲਤ ਲਈ ਲੋੜੀਂਦੀ ਤਿਆਰੀ ਟੈਸਟਿੰਗ ਸਫਲਤਾਪੂਰਵਕ ਪੂਰੀ ਹੋ ਗਈ ਹੈ। ਫਿਲਹਾਲ ਇਹ ਸੁਵਿਧਾ ਕੇਵਲ ਈ-ਚਿੱਪ ਪਾਸਪੋਰਟ ਵਾਲੇ ਭਾਰਤੀ ਨਾਗਰਿਕਾਂ ਲਈ ਹੀ ਹੋਵੇਗੀ ਜੋ ਅੰਤਰਰਾਸ਼ਟਰੀ ਉਡਾਣਾਂ ਰਾਹੀਂ ਰਵਾਨਾ ਹੋ ਰਹੇ ਹਨ। ਵਿਦੇਸ਼ ਤੋਂ ਅੰਮ੍ਰਿਤਸਰ ਆਉਣ ਵਾਲੇ ਯਾਤਰੀਆਂ ਅਤੇ ਘਰੇਲੂ ਯਾਤਰੀਆਂ ਲਈ ਇਸ ਲਾਈਵ ਟ੍ਰਾਇਲ ਤਹਿਤ ਫਿਲਹਾਲ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ। ਇਸ ਨਵੀਂ ਤਕਨੀਕ ਦੀ ਸ਼ੁਰੂਆਤ ਨੂੰ ਅੰਮ੍ਰਿਤਸਰ ਹਵਾਈ ਅੱਡੇ 'ਤੇ ਯਾਤਰੀਆਂ ਦੀ ਐਂਟਰੀ ਪ੍ਰਕਿਰਿਆ ਨੂੰ ਆਧੁਨਿਕ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

30ਵਾਂ
ਸਲਾਨਾ ਗੁਰਮਤਿ ਸਮਾਗਮ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

ਅੱਜ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।

ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।



ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ

ਮੈਂਬਕ ਐਸ.ਜੀ.ਪੀ.ਸੀ.

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

1984 ਦੇ ਸਿੱਖ ਕਤਲੇਆਮ ਵਿਰੁੱਧ ਲੰਡਨ 'ਚ ਭਾਰਤੀ ਹਾਈ ਕਮਿਸ਼ਨ ਬਾਹਰ ਖ਼ਾਲਿਸਤਾਨ ਪੱਖੀਆਂ ਵੱਲੋਂ ਰੋਸ ਪ੍ਰਦਰਸ਼ਨ

ਭਾਰਤ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ , 42 ਸਾਲ ਬਾਅਦ ਵੀ ਸਿੱਖ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲਿਆ

ਵਿਸ਼ਵ ਭਰ 'ਚ ਭਾਰਤੀ ਸਫ਼ਾਰਤਖ਼ਾਨਿਆਂ ਬਾਹਰ ਰੋਸ ਪ੍ਰਦਰਸ਼ਨਾਂ ਦਾ ਸਿਲਸਿਲਾ





ਲੰਡਨ – ਸਰਬਜੀਤ ਸਿੰਘ ਬਨੂੜ – ਨਵੰਬਰ 1984 ਦੇ ਸਿੱਖ ਕਤਲੇਆਮ ਦੀ 42ਵੀਂ ਵਰ੍ਹੇਗੰਢ ਮੌਕੇ ਬਰਤਾਨੀਆ ਦੀ ਰਾਜਧਾਨੀ ਲੰਡਨ ਵਿੱਚ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਖ਼ਾਲਿਸਤਾਨ ਪੱਖੀ ਸਿੱਖਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਦੌਰਾਨ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ, ਜ਼ਿੰਮੇਵਾਰ ਵਿਅਕਤੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਅਤੇ ਸਿੱਖ ਕੌਮ ਦੇ ਸਵੈ-ਨਿਰਣੇ ਦੇ ਹੱਕ ਨੂੰ ਮਾਨਤਾ ਦੇਣ ਦਾ ਮੁੱਦਾ ਉਠਾਇਆ ਗਿਆ।

ਖ਼ਾਲਿਸਤਾਨ ਪੱਖੀ ਜਥੇਬੰਦੀਆਂ ਦਲ ਖ਼ਾਲਸਾ ਇੰਟਰਨੈਸ਼ਨਲ, ਸਿੱਖਸ ਫਾਰ ਜਸਟਿਸ ਵੱਲੋਂ ਲੰਡਨ ਸਮੇਤ ਮੈਲਬਰਨ, ਆਕਲੈਂਡ, ਮਿਲਾਨ, ਵੈਨਕੂਵਰ ਅਤੇ ਟੋਰਾਂਟੋ ਵਿੱਚ ਭਾਰਤੀ ਸਫ਼ਾਰਤਖ਼ਾਨਿਆਂ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਨ੍ਹਾਂ ਪ੍ਰਦਰਸ਼ਨਾਂ ਰਾਹੀਂ 1984 ਦੇ ਸਿੱਖ ਕਤਲੇਆਮ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਮੁੜ ਚਰਚਾ ਵਿੱਚ ਲਿਆਉਣ ਦੇ ਨਾਲ ਖ਼ਾਲਿਸਤਾਨ ਦੀ ਮੰਗ ਨੂੰ ਵੀ ਉਭਾਰਿਆ ਗਿਆ। ਖ਼ਾਲਿਸਤਾਨ ਪੱਖੀ ਜਥੇਬੰਦੀਆਂ ਦਾ ਮੰਨਣਾ ਹੈ ਕਿ ਸਿੱਖ ਕੌਮ ਨੂੰ ਆਪਣੇ ਸਿਆਸੀ ਭਵਿੱਖ ਦਾ ਫ਼ੈਸਲਾ ਆਪ ਕਰਨ ਦਾ ਅਧਿਕਾਰ ਮਿਲਣਾ ਚਾਹੀਦਾ ਹੈ। ਇਸੇ ਮੰਗ ਨੂੰ ਲੈ ਕੇ ਵਿਦੇਸ਼ਾਂ ਵਿੱਚ ਖ਼ਾਲਿਸਤਾਨ ਰੈਫਰੈਂਡਮ ਦੀ ਮੁਹਿੰਮ ਵੀ ਚਲਾਈ ਜਾ ਰਹੀ ਹੈ।

ਜ਼ਿਕਰਯੋਗ ਹੈ ਕਿ 31 ਅਕਤੂਬਰ 1984 ਨੂੰ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਦਿੱਲੀ ਸਮੇਤ ਭਾਰਤ ਦੇ ਵੱਖ-ਵੱਖ ਸ਼ਹਿਰਾਂ ਵਿੱਚ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਸਰਕਾਰੀ ਅੰਕੜਿਆਂ ਅਨੁਸਾਰ ਇਕੱਲੀ ਦਿੱਲੀ ਵਿੱਚ 2,733 ਸਿੱਖ ਮਾਰੇ ਗਏ ਸਨ, ਜਦਕਿ ਦੇਸ਼ ਦੇ ਹੋਰ ਹਿੱਸਿਆਂ ਵਿੱਚ ਵੀ ਵੱਡੀ ਗਿਣਤੀ ਵਿੱਚ ਸਿੱਖਾਂ ਦੀਆਂ ਜਾਨਾਂ ਗਈਆਂ ਸਨ। ਮਨੁੱਖੀ ਅਧਿਕਾਰ ਸੰਸਥਾਵਾਂ ਦੀਆਂ ਰਿਪੋਰਟਾਂ ਵਿੱਚ ਉਸ ਸਮੇਂ ਦੇ ਸਿਆਸੀ ਆਗੂਆਂ ਅਤੇ ਪੁਲਿਸ ਦੀ ਭੂਮਿਕਾ 'ਤੇ ਗੰਭੀਰ ਸਵਾਲ ਉਠਾਏ ਗਏ ਹਨ।


ਇਸੇ ਦੌਰਾਨ ਦਲ ਖ਼ਾਲਸਾ ਇੰਟਰਨੈਸ਼ਨਲ ਵੱਲੋਂ ਪਹਿਲੀ ਤੋਂ ਤਿੰਨ ਨਵੰਬਰ ਤੱਕ ਲੰਡਨ ਸਥਿਤ ਭਾਰਤੀ ਹਾਈ ਕਮਿਸ਼ਨ ਦੇ ਬਾਹਰ 1984 ਦੇ ਸਿੱਖ ਕਤਲੇਆਮ ਦੀ ਯਾਦ ਵਿੱਚ ਰੋਸ ਪ੍ਰੋਗਰਾਮ ਕਰਨ ਅਤੇ ਬਰਤਾਨਵੀ ਪ੍ਰਧਾਨ ਮੰਤਰੀ ਦੀ ਰਿਹਾਇਸ਼ ਵਿਖੇ ਮੰਗ ਪੱਤਰ ਸੌਂਪਣ ਦਾ ਵੀ ਐਲਾਨ ਕੀਤਾ ਗਿਆ ਹੈ।

ਚਾਰ ਦਹਾਕਿਆਂ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਨਵੰਬਰ 1984 ਦਾ ਦੁਖਾਂਤ ਸਿੱਖ ਕੌਮ ਦੀ ਸਮੂਹਿਕ ਯਾਦ ਦਾ ਅਹਿਮ ਹਿੱਸਾ ਬਣਿਆ ਹੋਇਆ ਹੈ। ਇਨਸਾਫ਼ ਦੀ ਲੰਮੀ ਉਡੀਕ ਅਤੇ ਸਿੱਖਾਂ ਦੇ ਸਿਆਸੀ ਭਵਿੱਖ ਨਾਲ ਜੁੜੇ ਸਵਾਲ ਅੱਜ ਵੀ ਵਿਦੇਸ਼ਾਂ ਵਿੱਚ ਵਸਦੇ ਸਿੱਖ ਭਾਈਚਾਰੇ ਦੀਆਂ ਸਰਗਰਮੀਆਂ ਦਾ ਪ੍ਰਮੁੱਖ ਮੁੱਦਾ ਬਣੇ ਹੋਏ ਹਨ। ••

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਆਵਾਜ਼ਿ ਕੌਮ AWAZE QAUM International Newspaper & WEB TV



SUNDAY 1ST NOVEMBER 2026

GURDWARA GURU HAR RAI SAHIB JI George Street, West Bromwich	**START 9:00AM**	ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਜਰੋਜ ਸਟਰੀਟ, ਵੈਸਟ ਬ੍ਰੋਮਿਚ	ਅਰੰਭਤਾ: ੯:00 ਵਜੇ
GURU NANAK GURDWARA Edward Street, West Bromwich	**11:00AM**	ਗੁਰੂ ਨਾਨਕ ਗੁਰਦੁਆਰਾ ਏਡਵਰਡ ਸਟਰੀਟ, ਵੈਸਟ ਬ੍ਰੋਮਿਚ	੧੧:00 ਵਜੇ
GURDWARA AMRIT PARCHAR DHARMIK DIWAN Birmingham Road, Oldbury	**1:00PM**	ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ਬ੍ਰਮਿੰਘਮ ਰੋਡ, ਓਲਡਬਰੀ	੧:00 ਵਜੇ
GURDWARA GURU MANEYO GRANTH Popes Lane, Oldbury	**2:00PM**	ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ਪੋਪਸ ਲੇਨ, ਓਲਡਬਰੀ	੨:00 ਵਜੇ
GURDWARA BABA SANG St. Paul's Road, Smethwick	**3:15PM**	ਗੁਰਦੁਆਰਾ ਬਾਬਾ ਸੰਗ ਜੀ ਸਟ, ਪੌਲਜ ਰੋਡ, ਸਮੇਦਿਕ	੩:੧੫ ਵਜੇ
GURU NANAK GURDWARA SMETHWICK High Street, Smethwick	**4:00PM**	ਗੁਰੂ ਨਾਨਕ ਗੁਰਦੁਆਰਾ ਸਮੇਦਿਕ	੪:00 ਵਜੇ

GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527

ਆਵਾਜ਼ਿ ਕੌਮ AWAZE QAUM International Newspaper & WEB TV

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਪਰ)

ਸਾਡਾ ਪਤਾ: Lambra near Jalandhar


ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)





ਮਹਾਨ ਗੁਰਮਤਿ ਸਮਾਗਮ

☛ ਅਵਤਾਰ ਪੁਰਬ : ਧੰਨ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ☛ ਸ਼ਹੀਦੀ ਦਿਹਾੜਾ : ਕੌਮੀ ਯੋਧੇ ਸ਼ਹੀਦ ਭਾਈ ਬੇਅੰਤ ਸਿੰਘ ਜੀ। ☛ ਹਿੰਦ ਸਰਕਾਰ ਨੇ ਸਿੱਖਾਂ ਦਾ ਕਤਲੇਆਮ ਦਿੱਲੀ 1984 ਕੀਤਾ ☛ ਸ਼ਹੀਦੀ ਸਾਕਾ : ਸਾਕਾ ਪੰਜਾ ਸਾਹਿਬ ਜੀ।



ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਰਸਿੱਖ ਪ੍ਰਵਾਰ ਭਾਈ ਜੋਰਿੰਦਰ ਸਿੰਘ ਗੁਰਲਾਰੋ ਵੱਲੋਂ ਲਈ ਗਈ ਹੈ।

☛ 30 ਅਕਤੂਬਰ ਸ਼ੁੱਕਰਵਾਰ 11:00 ਵਜੇ ਸ਼੍ਰੀ ਅਖੰਡ ਪਾਠਾਂ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ ਐਤਵਾਰ 11:00 ਭੋਗ ਪੈਣਗੇ। ☛ ਸਨਿੱਚਰਵਾਰ 31 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਹਰ ਐਤਵਾਰ 1 ਨਵੰਬਰ 2026 ਨੂੰ 6:30 ਵਜੇ ਸਵੇਰੇ ਚੋਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 11:00 ਤੋਂ 12:40 ਮਿੰਟ ਤੱਕ ਦੀਵਾਨ ਸੱਜਣਗੇ।

ਢਾਡੀ ਜਥਾ ਗਿਆਨੀ ਹਰਪ੍ਰੀਤ ਸਿੰਘ ਇਟਲੀ ਵਾਲੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਅੰਤਿਮ ਸੰਸਕਾਰ

ਜਿਉ ਜਿਉ ਤੇਰਾ ਹੁਕਮੁ ਤਿਵੈ ਤਿਉ ਹੋਵਣਾ।
ਜਹ ਜਹ ਰਖਹਿ ਆਪਿ ਤਹ ਜਾਇ ਖੜੋਵਣਾ ॥



SARDAR HARBHAJAN SINGH BRAR

DATE
02-NOV-26


TIME
02:00 PM

VENUE
GURUDWARA
SHAHDEEN SAHIB
CREMATORIUM

ਆਵਾਜ਼ ਕੌਮ AWAZE QAUM
International Newspaper & WEB TV

1 ਨਵੰਬਰ ਪੰਜਾਬੀ ਭਾਸ਼ਾ ਅਤੇ ਪਛਾਣ ਦੀ ਜਿੱਤ ਦਾ ਦਿਨ

ਪੰਜਾਬੀ ਸੂਬੇ ਦੀ ਸਥਾਪਨਾ 1 ਨਵੰਬਰ 1966 ਨੂੰ ਹੋਈ ਸੀ ਜੋ ਕਿ ਪੰਜਾਬ ਦੇ ਇਤਿਹਾਸ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਇਤਿਹਾਸਕ ਦਿਨ ਹੈ। ਇਸ ਦਿਨ ਭਾਸ਼ਾ ਦੇ ਆਧਾਰ 'ਤੇ ਮੌਜੂਦਾ ਪੰਜਾਬ ਰਾਜ ਦੀ ਸਿਰਜਣਾ ਹੋਈ ਸੀ। ਇਸ ਉਦੇਸ਼ ਨੂੰ ਪ੍ਰਾਪਤ ਕਰਨ ਲਈ ਪੰਜਾਬ ਦੇ ਲੋਕਾਂ, ਖਾਸ ਕਰਕੇ ਸਿੱਖ ਆਗੂਆਂ ਅਤੇ ਦੇਸ਼ ਭਗਤਾਂ ਨੂੰ ਇੱਕ ਲੰਮਾ ਅਤੇ ਕੁਰਬਾਨੀਆਂ ਭਰਿਆ ਸੰਘਰਸ਼ ਕਰਨਾ ਪਿਆ ਜਿਸ ਨੂੰ 'ਪੰਜਾਬੀ ਸੂਬਾ ਮੋਰਚਾ' ਵਜੋਂ ਜਾਣਿਆ ਜਾਂਦਾ ਹੈ।



ਸਾਲ 1947 ਵਿੱਚ ਦੇਸ਼ ਦੀ ਵੰਡ ਸਮੇਂ ਪੰਜਾਬ ਨੂੰ ਦੋ ਹਿੱਸਿਆਂ ਵਿੱਚ ਵੰਡ ਦਿੱਤਾ ਗਿਆ ਸੀ—ਪੂਰਬੀ ਪੰਜਾਬ (ਭਾਰਤ) ਅਤੇ ਪੱਛਮੀ ਪੰਜਾਬ (ਪਾਕਿਸਤਾਨ)। ਵੰਡ ਤੋਂ ਬਾਅਦ ਭਾਰਤੀ ਪੰਜਾਬ ਵਿੱਚ ਦੋ ਮੁੱਖ ਭਾਸ਼ਾਵਾਂ ਬੋਲਣ ਵਾਲੇ ਲੋਕ ਇਕੱਠੇ ਰਹਿ ਰਹੇ ਸਨ—ਪੰਜਾਬੀ ਅਤੇ ਹਿੰਦੀ।

ਸਾਲ 1953 ਵਿੱਚ ਭਾਰਤ ਸਰਕਾਰ ਨੇ ਭਾਸ਼ਾ ਦੇ ਆਧਾਰ 'ਤੇ ਰਾਜਾਂ ਦੇ ਪੁਨਰਗਠਨ ਲਈ 'ਰਾਜ ਪੁਨਰਗਠਨ ਕਮਿਸ਼ਨ' ਦਾ ਗਠਨ ਕੀਤਾ। ਇਸ ਕਮਿਸ਼ਨ ਦੇ ਤਹਿਤ ਦੇਸ਼ ਦੇ ਕਈ ਹਿੱਸਿਆਂ ਵਿੱਚ ਭਾਸ਼ਾ ਦੇ ਆਧਾਰ 'ਤੇ ਨਵੇਂ ਰਾਜ ਬਣਾਏ ਗਏ, ਪਰ ਪੰਜਾਬੀ ਭਾਸ਼ਾ ਦੇ ਆਧਾਰ 'ਤੇ ਵੱਖਰਾ ਰਾਜ ਬਣਾਉਣ ਦੀ ਮੰਗ ਨੂੰ ਖਾਰਜ ਕਰ ਦਿੱਤਾ ਗਿਆ। ਇਸ ਫੈਸਲੇ ਨਾਲ ਪੰਜਾਬ ਦੇ ਲੋਕਾਂ ਵਿੱਚ ਭਾਰੀ ਰੋਸ ਪੈਦਾ ਹੋ ਗਿਆ। ਪੰਜਾਬੀ ਨੂੰ ਰਾਜ ਭਾਸ਼ਾ ਦਾ ਦਰਜਾ ਦਿਵਾਉਣ ਅਤੇ ਪੰਜਾਬੀ ਬੋਲਦੇ ਇਲਾਕਿਆਂ ਦਾ ਵੱਖਰਾ ਸੂਬਾ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਨੇ 'ਪੰਜਾਬੀ ਸੂਬਾ ਮੋਰਚਾ' ਸ਼ੁਰੂ ਕੀਤਾ। ਜਾਣਕਾਰੀ ਅਨੁਸਾਰ ਇਸ ਅੰਦੋਲਨ ਦੀ ਅਗਵਾਈ ਮਾਸਟਰ ਤਾਰਾ ਸਿੰਘ, ਸੰਤ ਫਤਹਿ ਸਿੰਘ ਅਤੇ ਹੋਰ ਪ੍ਰਮੁੱਖ ਆਗੂਆਂ ਨੇ ਕੀਤੀ। ਇਸ ਮੋਰਚੇ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੇ ਗ੍ਰਿਫਤਾਰੀਆਂ ਦਿੱਤੀਆਂ, ਜੇਲ੍ਹਾਂ ਕੱਟੀਆਂ ਅਤੇ ਕਈਆਂ ਨੇ ਸ਼ਹਾਦਤਾਂ ਵੀ ਦਿੱਤੀਆਂ। ਸੰਤ ਫਤਹਿ ਸਿੰਘ ਨੇ ਤਾਂ ਪੰਜਾਬੀ ਸੂਬੇ ਦੀ ਮੰਗ ਨੂੰ ਲੈ ਕੇ ਮਰਨ ਵਰਤ ਰੱਖਣ ਅਤੇ ਆਤਮ-ਦਾਹ ਤੱਕ ਕਰਨ ਦਾ ਐਲਾਨ ਕਰ ਦਿੱਤਾ ਸੀ। ਲੋਕਾਂ ਦਾ ਇਹ ਸ਼ਾਂਤਮਈ ਪਰ ਦ੍ਰਿੜ ਸੰਘਰਸ਼ ਦਿਨ-ਬ-ਦਿਨ ਤੇਜ਼ ਹੁੰਦਾ ਗਿਆ, ਜਿਸ ਨੇ ਅਖੀਰ ਕੇਂਦਰ ਸਰਕਾਰ ਨੂੰ ਗੋਡੇ ਟੇਕਣ ਲਈ ਮਜਬੂਰ ਕਰ ਦਿੱਤਾ।

ਪੰਜਾਬ ਦੀ ਵੰਡ ਅਤੇ ਨਵੇਂ ਸੂਬੇ ਦੀ ਸਿਰਜਣਾ : ਲੋਕਾਂ ਦੇ ਭਾਰੀ ਦਬਾਅ ਕਾਰਨ ਅਖੀਰ ਸਾਲ 1966 ਵਿੱਚ ਭਾਰਤ ਸਰਕਾਰ ਨੇ 'ਪੰਜਾਬ ਪੁਨਰਗਠਨ ਐਕਟ' ਪਾਸ ਕੀਤਾ। ਇਸ ਐਕਟ ਦੇ ਤਹਿਤ 1 ਨਵੰਬਰ 1966 ਨੂੰ ਤਤਕਾਲੀ ਪੰਜਾਬ ਨੂੰ ਤਿੰਨ ਹਿੱਸਿਆਂ ਵਿੱਚ ਵੰਡ ਦਿੱਤਾ ਗਿਆ। ਪੰਜਾਬ: ਪੰਜਾਬੀ ਬੋਲਣ ਵਾਲੇ ਇਲਾਕਿਆਂ ਨੂੰ ਮਿਲਾ ਕੇ ਇੱਕ ਵੱਖਰਾ ਪੰਜਾਬੀ ਸੂਬਾ ਬਣਾਇਆ ਗਿਆ। ਹਰਿਆਣਾ: ਹਿੰਦੀ ਬੋਲਣ ਵਾਲੇ ਇਲਾਕਿਆਂ ਨੂੰ ਵੱਖ ਕਰਕੇ ਨਵਾਂ ਰਾਜ ਹਰਿਆਣਾ ਸਿਰਜਿਆ ਗਿਆ। ਹਿਮਾਚਲ ਪ੍ਰਦੇਸ਼: ਪੰਜਾਬ ਦੇ ਪਹਾੜੀ ਇਲਾਕੇ (ਜਿਵੇਂ ਕਾਂਗੜਾ, ਕੁਲੂ ਅਤੇ ਲਾਹੌਲ-ਸਪਿਤੀ) ਹਿਮਾਚਲ ਪ੍ਰਦੇਸ਼ ਵਿੱਚ ਸ਼ਾਮਲ ਕਰ ਦਿੱਤੇ ਗਏ। ਇਸ ਤੋਂ ਇਲਾਵਾ ਚੰਡੀਗੜ੍ਹ ਸ਼ਹਿਰ ਨੂੰ ਦੋਵਾਂ ਰਾਜਾਂ (ਪੰਜਾਬ ਅਤੇ ਹਰਿਆਣਾ) ਦੀ ਸਾਂਝੀ ਰਾਜਧਾਨੀ ਬਣਾ ਕੇ ਇੱਕ ਕੇਂਦਰ ਸ਼ਾਸਿਤ ਪ੍ਰਦੇਸ਼ ਘੋਸ਼ਿਤ ਕਰ ਦਿੱਤਾ ਗਿਆ। ਪੰਜਾਬੀ ਸੂਬੇ ਦੀ ਸਥਾਪਨਾ ਨਾਲ ਪੰਜਾਬੀ ਭਾਸ਼ਾ, ਸੱਭਿਆਚਾਰ ਅਤੇ ਵਿਰਸੇ ਨੂੰ ਇੱਕ ਨਵੀਂ ਪਛਾਣ ਮਿਲੀ। ਪੰਜਾਬੀ ਨੂੰ ਰਾਜ ਦੀ ਸਰਕਾਰੀ ਭਾਸ਼ਾ ਦਾ ਦਰਜਾ ਪ੍ਰਾਪਤ ਹੋਇਆ। ਹਾਲਾਂਕਿ ਇਸ ਵੰਡ ਕਾਰਨ ਪੰਜਾਬ ਨੂੰ ਕਈ ਆਰਥਿਕ ਅਤੇ ਭੂਗੋਲਿਕ ਨੁਕਸਾਨ ਵੀ ਝੱਲਣੇ ਪਏ। ਪੰਜਾਬ ਦੇ ਕਈ ਪੰਜਾਬੀ ਬੋਲਦੇ ਇਲਾਕੇ ਅਤੇ ਹੋਰ ਹੱਕ ਦੂਜੇ ਰਾਜਾਂ ਨੂੰ ਚਲੇ ਗਏ ਜਿਸ ਦਾ ਵਿਵਾਦ ਅੱਜ ਵੀ ਚੱਲ ਰਿਹਾ ਹੈ। ਚੰਡੀਗੜ੍ਹ ਦਾ ਮੁਕੰਮਲ ਹੱਕ ਨਾ ਮਿਲਣਾ ਵੀ ਪੰਜਾਬੀਆਂ ਲਈ ਇੱਕ ਚੁਣੌਤੀ ਬਣਿਆ ਹੋਇਆ ਹੈ।1 ਨਵੰਬਰ ਦਾ ਦਿਨ ਹਰ ਸਾਲ ਪੂਰੇ ਪੰਜਾਬ ਵਿੱਚ 'ਪੰਜਾਬੀ ਸੂਬਾ ਦਿਵਸ' ਵਜੋਂ ਬਹੁਤ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਹ ਦਿਨ ਸਾਨੂੰ ਸਾਡੇ ਬਜ਼ੁਰਗਾਂ ਵੱਲੋਂ ਮਾਂ-ਬੋਲੀ ਪੰਜਾਬੀ ਦੇ ਸਤਿਕਾਰ ਲਈ ਕੀਤੇ ਸੰਘਰਸ਼ ਦੀ ਯਾਦ ਦਿਵਾਉਂਦਾ ਹੈ। ਅੱਜ ਦੇ ਦਿਨ ਸਾਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਆਪਣੀ ਅਮੀਰ ਵਿਰਾਸਤ, ਸੱਭਿਆਚਾਰ ਅਤੇ ਪੰਜਾਬੀ ਭਾਸ਼ਾ ਨੂੰ ਸੰਭਾਲ ਕੇ ਰੱਖਾਂਗੇ ਅਤੇ ਪੰਜਾਬ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਵਾਂਗੇ।

-ਲੈਕਚਰਾਰ ਲਲਿਤ ਗੁਪਤਾ

ਪੰਜਾਬ ਦਿਵਸ: ਸੰਘਰਸ਼ ਦੀ ਵਿਰਾਸਤ, ਜ਼ਿੰਮੇਵਾਰੀ ਦਾ ਦਿਨ

1 ਨਵੰਬਰ ਪੰਜਾਬੀ ਕੌਮ ਲਈ ਇੱਕ ਆਮ ਤਾਰੀਖ਼ ਨਹੀਂ ਹੈ। ਇਹ ਉਸ ਲੰਮੇ ਸੰਘਰਸ਼ ਦੀ ਯਾਦ ਹੈ, ਜਿਸ ਰਾਹੀਂ ਪੰਜਾਬੀ ਭਾਸ਼ਾ, ਪੰਜਾਬੀ ਸਭਿਆਚਾਰ ਅਤੇ ਪੰਜਾਬੀ ਲੋਕਾਂ ਨੂੰ ਆਪਣਾ ਵੱਖਰਾ ਸੂਬਾ ਮਿਲਿਆ। 1 ਨਵੰਬਰ 1966 ਨੂੰ ਭਾਸ਼ਾਈ ਨੀਂਹ 'ਤੇ ਅਜੋਕਾ ਪੰਜਾਬ ਹੋਂਦ ਵਿੱਚ ਆਇਆ; ਇਸੇ ਕਰਕੇ ਇਹ ਦਿਨ ਪੰਜਾਬ ਦਿਵਸ ਜਾਂ ਪੰਜਾਬੀ ਸੂਬਾ ਦਿਵਸ ਵਜੋਂ ਮਨਾਇਆ ਜਾਂਦਾ ਹੈ। ਪੰਜਾਬੀ ਸੂਬਾ ਮੋਰਚਾ ਕੇਵਲ ਨਕਸ਼ੇ ਦੀਆਂ ਲਾਈਨਾਂ ਬਦਲਣ ਦੀ ਮੰਗ ਨਹੀਂ ਸੀ। ਇਹ ਉਹ ਲਹਿਰ ਸੀ, ਜਿਸ ਵਿੱਚ ਪੰਜਾਬੀ ਬੋਲਣ ਵਾਲਿਆਂ ਨੇ ਆਪਣੀ ਮਾਂ-ਬੋਲੀ ਦੇ ਸਨਮਾਨ, ਸਭਿਆਚਾਰਕ ਪਛਾਣ ਅਤੇ ਰਾਜਨੀਤਕ ਹੱਕਾਂ ਲਈ ਆਵਾਜ਼ ਬੁਲੰਦ ਕੀਤੀ। ਉਸ ਦੌਰ ਵਿੱਚ ਭਾਸ਼ਾ ਸਿਰਫ਼ ਬੋਲ-ਚਾਲ ਦਾ ਸਾਧਨ ਨਹੀਂ ਸੀ; ਉਹ ਇੱਕ ਕੌਮ ਦੀ ਹੋਂਦ, ਇੱਜ਼ਤ ਅਤੇ ਭਵਿੱਖ ਦਾ ਸਵਾਲ ਸੀ। ਇਹ ਸੰਘਰਸ਼ ਸਾਲਾਂ ਤੱਕ ਚੱਲਿਆ। ਇਸ ਵਿੱਚ ਕਈ ਪੀੜ੍ਹੀਆਂ ਨੇ ਹਿੱਸਾ ਲਿਆ ਅਤੇ ਬਹੁਤ ਸਾਰੇ ਲੋਕਾਂ ਨੇ ਕੈਦ, ਸਜਾਵਾਂ ਤੇ ਕੁਰਬਾਨੀਆਂ ਸਹਿਣ ਕੀਤੀਆਂ। ਉਨ੍ਹਾਂ ਦੀ ਮੰਗ ਸਾਫ਼ ਸੀ ਕਿ ਪੰਜਾਬੀ ਭਾਸ਼ੀ ਇਲਾਕਿਆਂ ਨੂੰ ਅਜਿਹਾ ਸੂਬਾ ਮਿਲੇ, ਜਿੱਥੇ ਪੰਜਾਬੀ ਸਰਕਾਰੀ ਭਾਸ਼ਾ, ਸਿੱਖਿਆ ਦਾ ਮਾਧਿਅਮ ਤੇ ਲੋਕਾਂ ਦੀ ਸਾਂਝੀ ਪਛਾਣ ਬਣੇ।

1 ਨਵੰਬਰ 1966 ਨੂੰ ਪੰਜਾਬ ਪੁਨਰਗਠਨ ਕਾਨੂੰਨ ਤਹਿਤ ਪੰਜਾਬ ਦਾ ਪੁਨਰਗਠਨ ਹੋਇਆ। ਇਸ ਦੇ ਸਿੱਟੇ ਵਜੋਂ ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਵੱਖ ਸੂਬੇ ਬਣੇ, ਜਦੋਂ ਕਿ ਪੰਜਾਬੀ ਭਾਸ਼ੀ ਇਲਾਕਿਆਂ ਨੂੰ ਪੰਜਾਬੀ ਸੂਬੇ ਦਾ ਦਰਜਾ ਮਿਲਿਆ। ਇਹ ਫ਼ੈਸਲਾ ਇਤਿਹਾਸਕ ਜ਼ਰੂਰ ਸੀ, ਪਰ ਇਹ ਬਿਲਕੁਲ ਸਹਿਜ ਨਹੀਂ ਸੀ। ਚੰਡੀਗੜ੍ਹ ਦਾ ਮੁੱਦਾ, ਪੰਜਾਬੀ ਭਾਸ਼ੀ ਇਲਾਕਿਆਂ ਦੀ ਸ਼ਮੂਲੀਅਤ ਤੇ ਪਾਣੀਆਂ ਦੀ ਵੰਡ ਵਰਗੇ ਸਵਾਲ ਅੱਜ ਵੀ ਪੰਜਾਬ ਦੀ ਸਿਆਸੀ ਬਹਿਸ ਦਾ ਹਿੱਸਾ ਹਨ। ਇਸ ਲਈ ਪੰਜਾਬ ਦਿਵਸ ਕੇਵਲ ਉਤਸਵ ਨਹੀਂ; ਇਹ ਉਨ੍ਹਾਂ ਅਧੂਰੇ ਸਵਾਲਾਂ ਨੂੰ ਦੁਬਾਰਾ ਵਿਚਾਰਨ ਦਾ ਮੌਕਾ ਵੀ ਹੈ।

ਪੰਜਾਬ ਦਿਵਸ ਦੀ ਸਭ ਤੋਂ ਵੱਡੀ ਵਿਰਾਸਤ ਇਹ ਸਿਖਿਆ ਹੈ ਕਿ ਲੋਕਾਂ ਦੀ ਇੱਜ਼ਤ ਤੇ ਪਛਾਣ ਲਈ ਸੰਘਰਸ਼ ਕਦੇ ਵਿਅਰਥ ਨਹੀਂ ਹੁੰਦਾ। ਪੰਜਾਬੀ ਸੂਬਾ ਮੋਰਚੇ ਨੇ ਸਾਬਤ ਕੀਤਾ ਕਿ ਜਦੋਂ ਲੋਕ ਆਪਣੀ ਭਾਸ਼ਾ, ਸਭਿਆਚਾਰ ਤੇ ਹੱਕਾਂ ਲਈ ਇਕੱਠੇ ਹੁੰਦੇ ਹਨ, ਤਾਂ ਸਿਆਸੀ ਤਾਕਤਾਂ ਨੂੰ ਉਨ੍ਹਾਂ ਦੀ ਗੱਲ ਸੁਣਨੀ ਪੈਂਦੀ ਹੈ।

ਪਰ ਇਹ ਵਿਰਾਸਤ ਸਿਰਫ਼ ਯਾਦਾਂ ਵਿੱਚ ਸਾਂਭੀ ਨਹੀਂ ਰੱਖੀ ਜਾ ਸਕਦੀ। ਹਰ ਪੀੜ੍ਹੀ ਨੂੰ ਇਸ ਨੂੰ ਆਪਣੇ ਸਮੇਂ ਦੇ ਸੰਦਰਭ ਵਿੱਚ ਨਵੇਂ ਸਿਰਿਓਂ ਸਮਝਣਾ ਪੈਂਦਾ ਹੈ। ਅੱਜ ਦਾ ਸੰਘਰਸ਼ ਸਰਹੱਦਾਂ ਦਾ ਨਹੀਂ, ਸਗੋਂ ਰੁਜ਼ਗਾਰ, ਸਿੱਖਿਆ, ਸਿਹਤ, ਖੇਤੀ ਦੀ ਆਰਥਿਕਤਾ ਤੇ ਨੌਜਵਾਨਾਂ ਦੇ ਭਵਿੱਖ ਦਾ ਸੰਘਰਸ਼ ਹੈ।

ਪੰਜਾਬੀ ਸੂਬੇ ਦੀ ਸਥਾਪਨਾ ਦਾ ਕੇਂਦਰੀ ਆਧਾਰ ਪੰਜਾਬੀ ਭਾਸ਼ਾ ਸੀ। ਇਸ ਲਈ ਇਹ ਦਿਵਸ ਸਾਨੂੰ ਇਹ ਵੀ ਪੁੱਛਣ ਲਈ ਮਜਬੂਰ ਕਰਦਾ ਹੈ ਕਿ ਕੀ ਅਸੀਂ ਆਪਣੀ ਮਾਂ-ਬੋਲੀ ਨੂੰ ਉਹ ਥਾਂ ਦੇ ਰਹੇ ਹਾਂ, ਜੋ ਉਸ ਦਾ ਹੱਕ ਹੈ। ਅੱਜ ਸ਼ਹਿਰੀ ਜੀਵਨ ਵਿੱਚ ਅੰਗਰੇਜ਼ੀ ਤੇ ਹਿੰਦੀ ਦਾ ਪ੍ਰਭਾਵ ਵਧ ਰਿਹਾ ਹੈ। ਬੱਚੇ ਘਰ ਵਿੱਚ ਪੰਜਾਬੀ ਬੋਲਦੇ ਹਨ, ਪਰ ਸਕੂਲੀ ਪੜ੍ਹਾਈ, ਨੌਕਰੀ ਦੇ ਮੌਕਿਆਂ ਤੇ ਸੋਸ਼ਲ ਮੀਡੀਆ ਵਿੱਚ ਉਨ੍ਹਾਂ ਦੀ ਪਹਿਲੀ ਤਰਜੀਹ ਹੋਰ ਭਾਸ਼ਾਵਾਂ ਬਣ ਰਹੀ ਹੈ। ਇਹ ਕਿਸੇ ਦਾ ਦੋਸ਼ ਨਹੀਂ, ਪਰ ਇੱਕ ਚੇਤਾਵਨੀ ਜ਼ਰੂਰ ਹੈ।

ਪੰਜਾਬੀ ਨੂੰ ਜੀਉਂਦਾ ਰੱਖਣ ਲਈ ਸਿਰਫ਼ ਭਾਸ਼ਣ ਕਾਫ਼ੀ ਨਹੀਂ। ਘਰਾਂ ਵਿੱਚ ਪੰਜਾਬੀ ਬੋਲਣਾ, ਬੱਚਿਆਂ ਨੂੰ ਪੰਜਾਬੀ ਸਾਹਿਤ ਪੜ੍ਹਾਉਣਾ, ਸਕੂਲਾਂ ਵਿੱਚ ਪੰਜਾਬੀ ਦੀ ਗੁਣਵੱਤਾ ਸੁਧਾਰਨਾ, ਪੰਜਾਬੀ ਕਿਤਾਬਾਂ ਖ਼ਰੀਦਣਾ ਤੇ ਡਿਜੀਟਲ ਮੀਡੀਆ 'ਤੇ ਪੰਜਾਬੀ ਵਿੱਚ ਲਿਖਣਾ—ਇਹ ਸਾਰੇ ਛੋਟੇ ਕਦਮ ਭਾਸ਼ਾ ਦੇ ਭਵਿੱਖ ਨੂੰ ਮਜ਼ਬੂਤ ਕਰ ਸਕਦੇ ਹਨ। ਪੰਜਾਬ ਦਿਵਸ ਸਰਕਾਰ ਲਈ ਵੀ ਮੁਲਾਂਕਣ ਦਾ ਦਿਨ ਹੋਣਾ ਚਾਹੀਦਾ ਹੈ। ਸਰਕਾਰੀ ਪ੍ਰੋਗਰਾਮਾਂ, ਇਸ਼ਿਤਹਾਰਾਂ ਤੇ ਤਸਵੀਰਾਂ ਨਾਲ ਇਹ ਦਿਨ ਮਨਾਉਣਾ ਸੌਖਾ ਹੈ; ਔਖਾ ਕੰਮ ਹੈ ਲੋਕਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਤਬਦੀਲੀ ਲਿਆਉਣਾ। ਸਕੂਲਾਂ ਤੇ ਸਰਕਾਰੀ ਦਫ਼ਤਰਾਂ ਵਿੱਚ ਪੰਜਾਬੀ ਦੀ ਪ੍ਰਭਾਵਸ਼ਾਲੀ ਵਰਤੋਂ ਨੂੰ ਉਤਸ਼ਾਹਿਤ ਕਰਨਾ।

☛ ਨੌਜਵਾਨਾਂ ਲਈ ਸਥਾਨਕ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਾ, ਤਾਂ ਜੋ ਪਰਵਾਸ ਦਾ ਦਬਾਅ ਘਟੇ।

☛ ਖੇਤੀ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਾ ਤੇ ਕਿਸਾਨਾਂ ਦੀ ਆਮਦਨ ਸੁਰੱਖਿਅਤ ਕਰਨਾ।

☛ ਸਿਹਤ ਸੇਵਾਵਾਂ, ਸਿੱਖਿਆ ਤੇ ਸਮਾਜਿਕ ਸੁਰੱਖਿਆ ਨੂੰ ਸੂਬੇ ਦੇ ਹਰ ਕੋਨੇ ਤੱਕ ਪਹੁੰਚਾਉਣਾ।

☛ ਪੰਜਾਬੀ ਸੂਬਾ ਮੋਰਚੇ ਦੇ ਇਤਿਹਾਸ ਨੂੰ ਸਿਰਫ਼ ਜਸ਼ਨ ਵਜੋਂ ਨਹੀਂ, ਸਗੋਂ ਨਾਗਰਿਕ ਸਿੱਖਿਆ ਵਜੋਂ ਵੀ ਸਾਂਭਣਾ।

ਪੰਜਾਬੀਅਤ ਦਾ ਅਰਥ : ਪੰਜਾਬੀਅਤ ਕੇਵਲ ਪੰਜਾਬੀ ਬੋਲਣ ਨਾਲ ਨਹੀਂ ਬਣਦੀ। ਇਸ ਵਿੱਚ ਮਿਹਨਤ ਦੀ ਇੱਜ਼ਤ, ਮਿਹਮਾਨ-ਨਵਾਜ਼ੀ, ਬਹਾਦਰੀ, ਸਾਂਝ ਤੇ ਵਿਰੋਧ ਦੀ ਪਰੰਪਰਾ ਸ਼ਾਮਲ ਹੈ। ਪੰਜਾਬ ਦੀ ਧਰਤੀ ਨੇ ਕਿਸਾਨ, ਮਜ਼ਦੂਰ, ਸਿਪਾਹੀ, ਕਲਾਕਾਰ, ਵਿਦਵਾਨ ਤੇ ਪਰਵਾਸੀ ਪੈਦਾ ਕੀਤੇ। ਪੰਜਾਬੀ ਸਭਿਆਚਾਰ ਦੀ ਸ਼ਕਤੀ ਉਸ ਦੀ ਵਿਭਿੰਨਤਾ ਵਿੱਚ ਹੈ। ਭੰਗੜਾ ਤੇ ਗਿੱਧਾ, ਸੂਫ਼ੀ ਕਾਵਿ, ਗੁਰਬਾਣੀ ਦੀ ਗੰਭੀਰਤਾ, ਲੋਕ-ਗੀਤ, ਪੰਜਾਬੀ ਸਿਨੇਮਾ, ਖੇਤੀਬਾੜੀ ਤੇ ਪਰਵਾਸੀ ਪੰਜਾਬੀਆਂ ਦੀ ਮਿਹਨਤ—ਇਹ ਸਾਰੇ ਰੰਗ ਮਿਲ ਕੇ ਪੰਜਾਬ ਦੀ ਪਛਾਣ ਬਣਾਉਂਦੇ ਹਨ। ਇਸ ਵਿਭਿੰਨਤਾ ਨੂੰ ਸਵੀਕਾਰਨਾ ਹੀ ਅਸਲ ਪੰਜਾਬੀਅਤ ਹੈ।

ਅੱਗੇ ਦਾ ਰਾਹ : ਪੰਜਾਬ ਦਾ ਭਵਿੱਖ ਉਦੋਂ ਸੁਰੱਖਿਅਤ ਹੋਵੇਗਾ, ਜਦੋਂ ਉਸ ਦੇ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਭਵਿੱਖ ਦਿਖੇਗਾ। ਇਸ ਲਈ ਸਿੱਖਿਆ, ਸਿਹਤ, ਰੁਜ਼ਗਾਰ ਤੇ ਖੇਤੀ ਨੂੰ ਸਿਆਸੀ ਨਾਅਰਿਆਂ ਤੋਂ ਉੱਪਰ ਉਠਾ ਕੇ ਨੀਤੀ ਦੇ ਕੇਂਦਰ ਵਿੱਚ ਲਿਆਉਣਾ ਜ਼ਰੂਰੀ ਹੈ। ਇਸੇ ਤਰ੍ਹਾਂ, ਪੰਜਾਬੀ ਭਾਸ਼ਾ ਨੂੰ ਸਿਰਫ਼ ਭਾਵੁਕਤਾ ਦਾ ਵਿਸ਼ਾ ਨਹੀਂ, ਸਗੋਂ ਆਧੁਨਿਕ ਗਿਆਨ, ਟੈਕਨੋਲੋਜੀ ਤੇ ਰੁਜ਼ਗਾਰ ਦਾ ਮਾਧਿਅਮ ਬਣਾਇਆ ਜਾਣਾ ਚਾਹੀਦਾ ਹੈ। ਜੇ ਪੰਜਾਬੀ ਨੌਜਵਾਨ ਆਪਣੀ ਭਾਸ਼ਾ ਵਿੱਚ ਸੋਚ ਸਕਦੇ ਹਨ, ਲਿਖ ਸਕਦੇ ਹਨ ਤੇ ਨਵੇਂ ਮੌਕੇ ਪੈਦਾ ਕਰ ਸਕਦੇ ਹਨ, ਤਾਂ ਪੰਜਾਬ ਦਿਵਸ ਦੀ ਅਸਲ ਜਿੱਤ ਉਦੋਂ ਹੋਵੇਗੀ। ਇਸ ਪੰਜਾਬ ਦਿਵਸ ਉੱਤੇ ਸਾਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਸੂਬਾ ਮਿਲਣਾ ਸੰਘਰਸ਼ ਦਾ ਅੰਤ ਨਹੀਂ ਸੀ; ਇਹ ਇੱਕ ਨਵੀਂ ਜ਼ਿੰਮੇਵਾਰੀ ਦੀ ਸ਼ੁਰੂਆਤ ਸੀ। ਪੰਜਾਬੀ ਭਾਸ਼ਾ ਨੂੰ ਜੀਉਂਦਾ ਰੱਖਣਾ, ਪੰਜਾਬ ਨੂੰ ਖ਼ੁਸ਼ਹਾਲ ਬਣਾਉਣਾ ਤੇ ਅਗਲੀ ਪੀੜ੍ਹੀ ਲਈ ਮਾਣਮੱਤੀ ਵਿਰਾਸਤ ਛੱਡਣਾ—ਇਹੀ ਅੱਜ ਦੀ ਸੱਚੀ ਸ਼ਰਧਾਂਜਲੀ ਹੈ।

-ਸੁਖਜੀਤ ਸਿੰਘ ਚਹਿਲ
ਹੈਡ ਟੀਚਰ (ਮਾਨਸਾ)

ਆਵਾਜ਼ਿ ਕੌਮ AWAZE QAUM International Newspaper & WEB
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਚੌਂਕ ਮਹਿਤਾ ਦੇ ਸੀਨੀਅਰ ਪੱਤਰਕਾਰਾ ਨੇ ਗੁਰਦੁਆਰਾ ਧੰਨ ਧੰਨ ਸ੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਦਰਸ਼ਨ ਦੀਦਾਰੇ ਕੀਤੇ



ਚੌਂਕ ਮਹਿਤਾ, 31 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਚੌਂਕ ਮਹਿਤਾ ਦੇ ਸੀਨੀਅਰ ਪੱਤਰਕਾਰਾ ਨੇ ਗੁਰਦੁਆਰਾ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਦਰਸ਼ਨ ਦੀਦਾਰੇ ਕੀਤੇ। ਉਪਰੰਤ ਗੁਰਦੁਆਰਾ ਸਾਹਿਬ ਜੀ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਸਮੂਹ ਪੱਤਰਕਾਰ ਨੂੰ ਜੀ ਆਇਆਂ ਆਖਿਆ ਅਤੇ ਸਿਰਪਾਓ ਦੇ ਕੇ ਮਾਨ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਮਾਸਟਰ ਜੱਸਾ ਸਿੰਘ, ਬਾਬਾ ਜੀ ਦਾ ਗੜਵਈ ਭਾਈ ਦੀਪ ਸਿੰਘ, ਬਾਬਾ ਦੇ ਸਪੁੱਤਰ ਭਾਈ ਜਰਨੈਲ ਸਿੰਘ, ਪੱਤਰਕਾਰ ਕੈਪਟਨ ਸਿੰਘ, ਧਰਮਿੰਦਰ ਸਿੰਘ ਭੰਮਰਾ,ਰਾਜਦੀਪ ਸਿੰਘ, ਭਾਈ ਵਰਿੰਦਰ ਬਾਵਾ, ਬਾਬਾ ਸੁਖਵੰਤ ਸਿੰਘ ਚੰਨਣਕੇ, ਆਦਿ ਸੇਵਾਦਾਰ ਹਾਜ਼ਰ ਸਨ।

ਨਵੰਬਰ '84 ਦੇ ਜ਼ਖ਼ਮ ਅੱਜ ਵੀ ਅੱਲੇ—ਸਿੱਖ ਕੌਮ ਨਾ ਭੁੱਲੀ ਹੈ, ਨਾ ਭੁੱਲੇਗੀ: ਪਰਮਜੀਤ ਸਿੰਘ ਵੀਰਜੀ

ਨਵੀਂ ਦਿੱਲੀ 31 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਨਵੰਬਰ 1984 ਵਿੱਚ ਦਿੱਲੀ ਸਮੇਤ ਪੂਰੇ ਦੇਸ਼ ਅੰਦਰ ਸਰਕਾਰੀ ਸ਼ਿਹ 'ਤੇ ਖੇਡੇ ਗਏ ਸਿੱਖ ਨਸਲਕੁਸ਼ੀ ਦੇ ਖ਼ੂਨੀ ਖੇਡ ਨੇ ਸਮੁੱਚੀ ਸਿੱਖ ਕੌਮ ਦੇ ਹਿਰਦਿਆਂ 'ਤੇ ਅਜਿਹੇ ਅਸਹਿ ਤੇ ਅਕਹਿ ਜ਼ਖ਼ਮ ਦਿੱਤੇ ਹਨ, ਜੋ ਜੁਗਾਂ-ਜੁਗਾਂ ਤੱਕ ਨਹੀਂ ਭਰ ਸਕਦੇ। ਉਸ ਦੌਰਾਨ ਹਜ਼ਾਰਾਂ ਬੇਗੁਨਾਹ ਸਿੱਖਾਂ, ਬਜ਼ੁਰਗਾਂ, ਧੀਆਂ-ਭੈਣਾਂ ਅਤੇ ਨਿਰਦੋਸ਼ ਮਾਸੂਮ ਬੱਚਿਆਂ ਨੂੰ ਧਿਰਕਾਰਯੋਗ ਬੇਰਹਮੀ ਨਾਲ ਸ਼ਹੀਦ ਕੀਤਾ ਗਿਆ ਅਤੇ ਅਰਬਾਂ-ਖਰਬਾਂ ਦੀ ਜਾਇਦਾਦ ਨੂੰ ਲੁੱਟ ਕੇ ਸੁਆਹ ਕਰ ਦਿੱਤਾ ਗਿਆ। ਇਹ ਮਹਿਜ਼ ਕਤਲੇਆਮ ਨਹੀਂ, ਸਗੋਂ ਸਿੱਖਾਂ ਦੀ ਨਸਲਕੁਸ਼ੀ ਸੀ, ਜਿਸ ਦਾ ਹਿਸਾਬ ਕੌਮ ਇੱਕ-ਇੱਕ ਪਲ ਯਾਦ ਰੱਖ ਕੇ ਲਵੇਗੀ। ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੁੱਖ ਬੁਲਾਰੇ ਪਰਮਜੀਤ ਸਿੰਘ ਵੀਰਜੀ ਨੇ ਹਾਕਮਾਂ ਨੂੰ ਤਾੜਨਾ ਕਰਦਿਆਂ ਆਖਿਆ ਕਿ ਸਿੱਖ ਕੌਮ ਆਪਣੇ ਸ਼ਹੀਦਾਂ ਦੇ ਵਹਾਏ ਖ਼ੂਨ ਦੇ ਇੱਕ-ਇੱਕ ਕਤਰੇ ਦਾ ਹਿਸਾਬ ਮੰਗਣਾ ਜਾਣਦੀ ਹੈ। ਉਨ੍ਹਾਂ ਕਿਹਾ ਕਿ ਜੋ ਸਿਆਸੀ ਆਗੂ ਸਿੱਖਾਂ ਨੂੰ ਇਹ ਨਸਲਕੁਸ਼ੀ ਭੁਲਾਉਣ ਦੀਆਂ ਨਸੀਹਤਾਂ ਦਿੰਦੇ ਹਨ, ਉਹ ਧਿਆਨ ਦੇਣ ਕਿ ਸਿੱਖ ਆਪਣੇ ਇਤਿਹਾਸ ਦੇ ਸ਼ਹੀਦਾਂ ਦਾ ਦਰਦ ਕਦੇ ਨਹੀਂ ਵਿਸਾਰਨਗੇ। ਬੇਗੁਨਾਹਾਂ ਦੇ ਖ਼ੂਨ ਦਾ ਹਿਸਾਬ ਮੰਗਣਾ ਸਾਡਾ ਕੌਮੀ ਤੇ ਇਖ਼ਲਾਕੀ ਹੱਕ ਹੈ, ਜਿਸ ਤੋਂ ਸਾਨੂੰ ਕੋਈ ਵੀ ਤਾਕਤ ਪਿੱਛੇ ਨਹੀਂ ਹਟਾ ਸਕਦੀ। ਸਰਕਾਰਾਂ ਅਤੇ ਵਿਰੋਧੀਆਂ 'ਤੇ ਤਿੱਖਾ ਹਮਲਾ ਬੋਲਦਿਆਂ ਪਰਮਜੀਤ ਸਿੰਘ ਵੀਰਜੀ ਨੇ ਚੇਤਾਵਨੀ ਦਿੱਤੀ ਕਿ ਇਨਸਾਫ਼ ਦੀ ਆਵਾਜ਼ ਨੂੰ ਦਬਾਉਣ ਜਾਂ ਸਿੱਖਾਂ ਦੇ ਜ਼ਖ਼ਮਾਂ 'ਤੇ ਨਮਕ ਛਿੜਕਣ ਦੀਆਂ ਸਾਜ਼ਿਸ਼ਾਂ ਨੂੰ ਮੂੰਹ-ਤੋੜ ਜਵਾਬ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਾਕਮ ਧਿਰਾਂ ਇਤਿਹਾਸ ਨੂੰ ਮਿਟਾਉਣ ਦੇ ਭੁਲੇਖੇ ਕੱਢ ਦੇਣ, ਕਿਉਂਕਿ ਸਿੱਖ ਸੰਗਤ ਆਪਣੇ ਹੱਕਾਂ ਅਤੇ ਸ਼ਹੀਦਾਂ ਦੀ ਸ਼ਹਾਦਤ ਦੀ ਰਾਖੀ ਲਈ ਅੰਤਿਮ ਸਾਹ ਤੱਕ ਡਟ ਕੇ ਪਹਿਰਾ ਦੇਵੇਗੀ। ਅੰਤ ਵਿੱਚ ਪਰਮਜੀਤ ਸਿੰਘ ਵੀਰਜੀ ਨੇ ਪੁਰਜ਼ੋਰ ਮੰਗ ਕੀਤੀ ਕਿ ਸਰਕਾਰ ਨਵੰਬਰ 1984 ਦੇ ਖ਼ੂਨੀ ਕਾਤਲਾਂ ਅਤੇ ਗੁਨਾਹਗਾਰਾਂ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਜੇਲ੍ਹਾਂ ਅੰਦਰ ਡੱਕੇ ਅਤੇ ਫ਼ਾਸੀ ਦੀਆਂ ਸਜ਼ਾਵਾਂ ਦੇਵੇ, ਤਾਂ ਜੋ ਇਨਸਾਫ਼ ਲਈ ਤੜਫ਼ ਰਹੇ ਪੀੜਤਾਂ ਅਤੇ ਸਮੁੱਚੀ ਸਿੱਖ ਕੌਮ ਦੇ ਹਿਰਦਿਆਂ ਨੂੰ ਢਾਂਡਸ ਬੱਝ ਸਕੇ।



ਨਵੰਬਰ 1984 ਦੇ ਜ਼ਖ਼ਮ ਅੱਜ ਵੀ ਤਾਜ਼ਾ, ਖੁਲੇਆਮ ਘੁੰਮ ਰਹੇ ਦੋਸ਼ੀਆਂ ਨੂੰ ਜੇਲ੍ਹ ਭੇਜਣ ਤੋਂ ਬਿਨਾਂ ਇਨਸਾਫ਼ ਅਧੂਰਾ: ਸੰਤ ਮੀਤ ਸਿੰਘ

ਨਵੀਂ ਦਿੱਲੀ 31 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): 1984 ਦੇ ਨਵੰਬਰ ਮਹੀਨੇ ਦੇ ਪਹਿਲੇ ਹਫ਼ਤੇ ਦਿੱਲੀ ਸਮੇਤ ਦੇਸ਼ ਭਰ ਵਿੱਚ ਵਾਪਰੇ ਸਿੱਖ ਨਸਲਕੁਸ਼ੀ ਦੇ ਭਿਆਨਕ ਦੁਖਾਂਤ ਨੇ ਸਮੁੱਚੀ ਸਿੱਖ ਕੌਮ ਦੇ ਹਿਰਦੇ ਵਲੂੰਧਰ ਕੇ ਰੱਖ ਦਿੱਤੇ ਸਨ। ਉਸ ਦੌਰਾਨ ਹਜ਼ਾਰਾਂ ਬੇਗੁਨਾਹ ਸਿੱਖਾਂ, ਬਜ਼ੁਰਗਾਂ, ਬੀਬੀਆਂ ਅਤੇ ਮਾਸੂਮ ਬੱਚਿਆਂ ਨੂੰ ਅਤਿਅੰਤ ਬੇਰਹਮੀ ਨਾਲ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਸੀ। ਇਸ ਦੇ ਨਾਲ ਹੀ ਸਿੱਖਾਂ ਦੀ ਅਰਬਾਂ-ਖਰਬਾਂ ਰੁਪਏ ਦੀ ਜਾਇਦਾਦ ਲੁੱਟ ਕੇ ਅੱਗ ਦੇ ਹਵਾਲੇ ਕਰ ਦਿੱਤੀ ਗਈ ਸੀ। ਇਸ ਦਰਦਨਾਕ ਅਤੇ ਅਣਮਨੁੱਖੀ ਘਟਨਾਕ੍ਰਮ ਦੇ ਡੂੰਘੇ ਜ਼ਖ਼ਮ ਅੱਜ ਵੀ ਸਿੱਖ ਮਾਨਸਿਕਤਾ ਵਿੱਚ ਤਾਜ਼ਾ ਹਨ ਅਤੇ ਇਹ ਕਦੇ ਵੀ ਭੁਲਾਏ ਨਹੀਂ ਜਾ ਸਕਦੇ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਵਾਰਡ ਨੰਬਰ 32 ਤੋਂ ਚੋਣ ਉਮੀਦਵਾਰ ਸਰਦਾਰ ਸੰਤ ਮੀਤ ਸਿੰਘ ਨੇ ਇਹ ਗੰਭੀਰ ਸ਼ਬਦ ਪ੍ਰਗਟ ਕਰਦਿਆਂ ਆਖਿਆ ਕਿ ਸਿੱਖ ਕੌਮ ਆਪਣੇ ਸ਼ਹੀਦਾਂ ਦੀ ਸ਼ਹਾਦਤ ਅਤੇ ਇਸ ਨਸਲਕੁਸ਼ੀ ਦੇ ਦਰਦ ਨੂੰ ਕਦੇ ਨਹੀਂ ਵਿਸਾਰ ਸਕਦੀ। ਉਨ੍ਹਾਂ ਕਿਹਾ ਕਿ ਜੋ ਲੋਕ ਸਿੱਖਾਂ ਨੂੰ ਇਹ ਦਰਦਨਾਕ ਦਿਹਾੜੇ ਭੁੱਲ ਜਾਣ ਦੀ ਸਲਾਹ ਦਿੰਦੇ ਹਨ, ਉਨ੍ਹਾਂ ਦੀ ਇਹ ਗੱਲ ਕਦੇ ਵੀ ਪ੍ਰਵਾਨ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬੇਗੁਨਾਹਾਂ ਦੇ ਵਹਾਏ ਖ਼ੂਨ ਦਾ ਹਿਸਾਬ ਮੰਗਣਾ ਅਤੇ ਆਪਣੇ ਇਤਿਹਾਸ ਦੇ ਇਸ ਦੁਖਾਂਤ ਨੂੰ ਯਾਦ ਰੱਖਣਾ ਸਿੱਖਾਂ ਦਾ ਅਟੁੱਟ ਹੱਕ ਹੈ। ਸਰਦਾਰ ਸੰਤ ਮੀਤ ਸਿੰਘ ਨੇ ਸਰਕਾਰਾਂ ਅਤੇ ਵਿਰੋਧੀਆਂ 'ਤੇ ਸਿੱਧਾ ਨਿਸ਼ਾਨਾ ਸਾਧਦਿਆਂ ਚੇਤਾਵਨੀ ਦਿੱਤੀ ਕਿ ਇਨਸਾਫ਼ ਦੀ ਆਵਾਜ਼ ਨੂੰ ਦਬਾਉਣ ਦੀਆਂ ਸਾਜ਼ਿਸ਼ਾਂ ਕਦੇ ਕਾਮਯਾਬ ਨਹੀਂ ਹੋਣ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਕੌਮ ਦੇ ਜ਼ਖ਼ਮਾਂ 'ਤੇ ਮਲ੍ਹਮ ਲਾਉਣ ਦੀ ਬਜਾਏ ਇਤਿਹਾਸ ਨੂੰ ਮਿਟਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਪਰ ਸਿੱਖ ਸੰਗਤ ਆਪਣੇ ਹੱਕਾਂ ਅਤੇ ਸ਼ਹੀਦਾਂ ਦੀ ਯਾਦ ਲਈ ਡਟ ਕੇ ਪਹਿਰਾ ਦਿੰਦੀ ਰਹੇਗੀ। ਅਕਾਲੀ ਆਗੂ ਦੇ ਇਸ ਤਿੱਖੇ ਬਿਆਨ ਨੇ ਦਿੱਲੀ ਦੀ ਸਿਆਸਤ ਵਿੱਚ ਭਾਰੀ ਹਲਚਲ ਮਚਾ ਦਿੱਤੀ ਹੈ। ਅੰਤ ਵਿੱਚ ਉਨ੍ਹਾਂ ਮੰਗ ਕੀਤੀ ਕਿ ਸਰਕਾਰ ਨਵੰਬਰ 1984 ਦੇ ਸਿੱਖ ਕਤਲੇਆਮ ਦੇ ਸ਼ਰੇਆਮ ਘੁੰਮ ਰਹੇ ਦੋਸ਼ੀਆਂ ਨੂੰ ਤੁਰੰਤ ਜੇਲ੍ਹ ਵਿੱਚ ਡੱਕੇ, ਤਾਂ ਜੋ ਇਨਸਾਫ਼ ਲਈ ਤੜਫ ਰਹੇ ਸਿੱਖਾਂ ਦੇ ਹਿਰਦਿਆਂ 'ਤੇ ਮਲ੍ਹਮ ਲਗਾਈ ਜਾ ਸਕੇ।



ਆਂਗਣਵਾੜੀ ਵਰਕਰਾਂ ਨੇ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ

ਰਜਿਸਟ੍ਰੇਸ਼ਨ ਵਿੱਚ ਅਹਿਮ ਭੂਮਿਕਾ ਨਿਭਾਈ: ਢਿੱਲੋਂ, ਘੁੱਲੀ, ਭਸੌੜ, ਬਾਜਵਾ





ਧੂਰੀ (ਰਣਜੀਤ ਸਿੰਘ ਪੇਧਨੀ)-ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਦੇ ਸਨਮਾਨ ਅਤੇ ਧੰਨਵਾਦ ਲਈ ਸਥਾਨਕ ਸਨਾਤਨ ਧਰਮਸ਼ਾਲਾ, ਧੂਰੀ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਯੋਜਨਾ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮਿਹਨਤ, ਲਗਨ ਅਤੇ ਤਨਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਰਕਰਾਂ ਦੀ ਮਿਹਨਤ ਅਤੇ ਸਮਰਪਣ ਨੂੰ ਮਾਨਤਾ ਦਿੰਦਿਆਂ ਸਰਕਾਰ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਮਾਣ-ਭੱਤਾ ਦਿੱਤਾ ਜਾ ਰਿਹਾ ਹੈ, ਜੋ ਦੀਵਾਲੀ ਤੋਂ ਪਹਿਲਾਂ ਸਾਰੀਆਂ ਆਂਗਣਵਾੜੀ ਵਰਕਰਾਂ ਨੂੰ ਪ੍ਰਦਾਨ ਕਰ ਦਿੱਤਾ ਜਾਵੇਗਾ। ਚੇਅਰਮੈਨ ਮਾਰਕੀਟ ਕਮੇਟੀ ਧੂਰੀ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਨੇ ਘਰ-ਘਰ ਤੱਕ ਪਹੁੰਚ ਕਰਕੇ ਯੋਜਨਾ ਦੀ ਜਾਣਕਾਰੀ ਦੇਣ ਅਤੇ ਯੋਗ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕਰਵਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਰਕਰਾਂ ਦੀ ਮਿਹਨਤ ਸਦਕਾ ਸਰਕਾਰ ਦੀ ਇਸ ਭਲਾਈ ਯੋਜਨਾ ਦਾ ਲਾਭ ਵੱਧ ਤੋਂ ਵੱਧ ਮਹਿਲਾਵਾਂ ਤੱਕ ਪਹੁੰਚਾਉਣ ਵਿੱਚ ਮਦਦ ਮਿਲੀ ਹੈ। ਉਨ੍ਹਾਂ ਸਮੂਹ ਆਂਗਣਵਾੜੀ ਵਰਕਰਾਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ ਨੇ ਕਿਹਾ ਕਿ ਮਹਿਲਾਵਾਂ ਦਾ ਸਨਮਾਨ ਅਤੇ ਉਨ੍ਹਾਂ ਨੂੰ ਆਰਥਿਕ ਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਣਾ ਸਮਾਜ ਦੀ ਤਰੱਕੀ ਲਈ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਮਹਿਲਾਵਾਂ ਦੀ ਭਲਾਈ ਨਾਲ ਜੁੜਿਆ ਅਹਿਮ ਉਪਰਾਲਾ ਹੈ ਅਤੇ ਇਸ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਆਂਗਣਵਾੜੀ ਵਰਕਰਾਂ ਵੱਲੋਂ ਨਿਭਾਈ ਗਈ ਜ਼ਿੰਮੇਵਾਰੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਰਕਰਾਂ ਦੀ ਹੌਸਲਾ ਅਫ਼ਜ਼ਾਈ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸਮਾਜਿਕ ਯੋਗਦਾਨ ਨੂੰ ਮਾਨਤਾ ਦੇਣ ਦਾ ਵੀ ਵਧੀਆ ਮੌਕਾ ਹਨ। ਪ੍ਰਧਾਨ ਨਗਰ ਕੌਂਸਲ ਧੂਰੀ ਅਮਰਜੋਤ ਕੌਰ ਬਾਜਵਾ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਸਮਾਜ ਦੇ ਹਰ ਵਰਗ ਨਾਲ ਜੁੜੀਆਂ ਹੋਈਆਂ ਹਨ ਅਤੇ ਸਰਕਾਰੀ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਕੜੀ ਵਜੋਂ ਕੰਮ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਦੌਰਾਨ ਵਰਕਰਾਂ ਵੱਲੋਂ ਦਿਖਾਈ ਗਈ ਮਿਹਨਤ, ਜ਼ਿੰਮੇਵਾਰੀ ਅਤੇ ਸਮਰਪਣ ਸ਼ਲਾਘਾਯੋਗ ਹੈ। ਉਨ੍ਹਾਂ ਸਮੂਹ ਆਂਗਣਵਾੜੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸੇਵਾ ਅਤੇ ਯੋਗਦਾਨ ਦੀ ਕਦਰ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੌਕੇ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਹਰਜਿੰਦਰ ਸਿੰਘ ਕਾਂਝਲਾ, ਜਗਤਾਰ ਸਿੰਘ ਬਾਗੜੀ ਸਲੇਮਪੁਰ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਵੀ ਮੌਜੂਦ ਸਨ।

ਯੋਜਨਾ ਦੀ ਰਜਿਸਟ੍ਰੇਸ਼ਨ ਵਿੱਚ ਮਿਹਨਤ ਅਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਦਾ ਕੀਤਾ ਸਨਮਾਨ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਬਲਜਿੰਦਰ ਕੌਰ ਨੂੰ ਮੁੜ ਉਮੀਦਵਾਰ ਐਲਾਨਣ 'ਤੇ

ਤਲਵੰਡੀ ਸਾਬੋ ਵਿੱਚ 'ਆਪ' ਵਰਕਰਾਂ ਨੇ ਵੰਡੇ ਲੱਡੂ



ਤਲਵੰਡੀ ਸਾਬੋ, 31 ਅਕਤੂਬਰ (ਗੁਰਜੰਟ ਸਿੰਘ ਨਥੇਹਾ)-ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਅੱਜ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰਦਿਆਂ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਮੌਜੂਦਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੂੰ ਮੁੜ ਪਾਰਟੀ ਉਮੀਦਵਾਰ ਐਲਾਨਿਆ ਗਿਆ ਹੈ। ਪਾਰਟੀ ਵੱਲੋਂ ਉਨ੍ਹਾਂ 'ਤੇ ਮੁੜ ਭਰੋਸਾ ਜਤਾਏ ਜਾਣ ਦੀ ਖ਼ਬਰ ਮਿਲਦਿਆਂ ਹੀ ਤਲਵੰਡੀ ਸਾਬੋ ਵਿਖੇ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਪ੍ਰੋ. ਬਲਜਿੰਦਰ ਕੌਰ ਨੂੰ ਮੁੜ ਉਮੀਦਵਾਰ ਐਲਾਨੇ ਜਾਣ ਦੀ ਖੁਸ਼ੀ ਵਿੱਚ ਤਲਵੰਡੀ ਸਾਬੋ ਵਿਖੇ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਇਕੱਠ ਕੀਤਾ ਗਿਆ। ਇਸ ਮੌਕੇ ਵਰਕਰਾਂ ਨੇ ਇੱਕ-ਦੂਜੇ ਨੂੰ ਵਧਾਈਆਂ ਦਿੱਤੀਆਂ ਅਤੇ ਲੱਡੂ ਵੰਡ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ। ਪਾਰਟੀ ਵਰਕਰਾਂ ਨੇ ਕਿਹਾ ਕਿ ਪ੍ਰੋ. ਬਲਜਿੰਦਰ ਕੌਰ ਨੂੰ ਮੁੜ ਟਿਕਟ ਮਿਲਣ ਨਾਲ ਹਲਕੇ ਦੇ ਪਾਰਟੀ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ। ਇਸ ਮੌਕੇ ਸ਼ਹਿਰੀ ਪ੍ਰਧਾਨ ਤਰਸੇਮ ਸਿੰਗਲਾ, ਹਰਜੀਤ ਸਿੰਘ ਸਰਾਂ, ਜਸਵਿੰਦਰ ਕੌਰ ਚੌਧਰੀ, ਸਰਪੰਚ ਜਗਾ, ਗੁਰਪ੍ਰੀਤ ਕੌਰ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ। ਉਨ੍ਹਾਂ ਨੇ ਪ੍ਰੋ. ਬਲਜਿੰਦਰ ਕੌਰ ਨੂੰ ਮੁੜ ਉਮੀਦਵਾਰ ਐਲਾਨੇ ਜਾਣ 'ਤੇ ਵਧਾਈ ਦਿੰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।

2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਮ ਆਦਮੀ ਪਾਰਟੀ ਵੱਲੋਂ ਪਹਿਲੀ ਸੂਚੀ ਜਾਰੀ, ਹਲਕਾ ਤਲਵੰਡੀ ਸਾਬੋ ਤੋਂ ਪ੍ਰੋ. ਬਲਜਿੰਦਰ ਕੌਰ ਨੂੰ ਮੁੜ ਮਿਲੀ ਟਿਕਟ

ਆਵਾਜ਼ਿ ਕੌਮ AWAZE QAUM International Newspaper & WEB TV

ਵੋਟ ਰਾਜਨੀਤੀ ਵਿੱਚ ਪਹਿਲਕਦਮੀ ਫਾਇਦੇਮੰਦ ਹੋ ਸਕਦੀ ਹੈ, ਪਰ ਲੋਕ ਮੁੱਦਿਆਂ ਤੋਂ ਅੱਖਾਂ ਮੀਟਣ ਵਾਲੇ ਜਿਤਣ ਦੀ ਆਸ ਨਾ ਰੱਖਣ - ਗਿਆਨੀ ਹਰਪ੍ਰੀਤ ਸਿੰਘ



ਚੰਡੀਗੜ੍ਹ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਜਿਹੜੀਆਂ ਪਾਰਟੀਆਂ ਵੋਟ ਦੀ ਰਾਜਨੀਤੀ ਕਰਦੀਆਂ ਹਨ, ਉਹਨਾਂ ਵੱਲੋਂ ਕੀਤੀ ਗਈ ਪਹਿਲਕਦਮੀ ਰਾਜਨੀਤਿਕ ਤੋਰ 'ਤੇ ਫਾਇਦੇਮੰਦ ਹੋ ਸਕਦੀ ਹੈ। ਪਰ ਲੋਕਾਂ ਦੇ ਮੁੱਖ ਮੁੱਦਿਆਂ ਤੋਂ ਅੱਖਾਂ ਮੀਟਣ ਵਾਲੇ ਕਿਸੇ ਵੀ ਯੋਜਨਾਬੰਦੀ ਨਾਲ ਜਿੱਤਣ ਦੀ ਆਸ ਕਦੇ ਨਾ ਰੱਖਣ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਕੀਤਾ ਜੋ ਆਮ ਆਦਮੀ ਪਾਰਟੀ ਵੱਲੋਂ ਉਮੀਦਵਾਰਾਂ ਦੀ ਜਾਰੀ ਕੀਤੀ ਗਈ ਪਹਿਲੀ ਸੂਚੀ 'ਤੇ ਪ੍ਰਤੀਕਿਰਿਆ ਦੇ ਰਹੇ ਸਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਨਸ਼ਿਆਂ ਨਾਲ ਮਰਨ ਵਾਲਿਆਂ ਦੀਆਂ ਲਾਸ਼ਾਂ, ਉਹਨਾਂ ਦੇ ਵਾਰਸਾਂ ਤੋਂ ਖੋਹਣ ਲਈ ਪੁਲਸ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ, ਨਸ਼ੇ ਦੇ ਵਪਾਰੀਆਂ ਖਿਲਾਫ ਆਵਾਜ ਉਠਾਉਣ ਵਾਲਿਆਂ ਦੇ ਦਿਨ ਦਿਹਾੜੇ ਕਤਲ ਹੋ ਰਹੇ ਹਨ ਅਤੇ ਪੰਜਾਬ ਭਰ ਵਿੱਚ ਗੈਂਗਸਟਰਵਾਦ ਦਨਦਨਾਉਂਦਾ ਫਿਰ ਰਿਹਾ ਹੈ। ਛੋਟੇ ਵਪਾਰੀਆਂ, ਕਾਰੋਬਾਰੀਆਂ ਜਾਂ ਨੌਕਰੀ ਪੇਸ਼ਾ ਲੋਕਾਂ ਤੋਂ ਧਮਕੀ ਦੇ ਕੇ ਫਿਰੌਤੀਆਂ ਮੰਗੀਆਂ ਜਾ ਰਹੀਆਂ ਹਨ। ਕਿਤੇ ਵੀ, ਕਿਸੇ ਨੂੰ ਵੀ ਗੋਲੀ ਮਾਰ ਦੇਣਾ ਉਹਨਾਂ ਲਈ ਬੱਚਿਆਂ ਦੀ ਖੇਡ ਵਾਂਗ ਹੈ। ਪਰ ਪੰਜਾਬ ਸਰਕਾਰ, ਜਿਸਨੇ ਲੋਕਾਂ ਦੀ ਸੁਰੱਖਿਆ ਅਤੇ ਸੁੱਖ-ਸਹੂਲਤਾਂ ਦੀ ਗਾਰੰਟੀ ਦਿੱਤੀ ਸੀ, ਫੋਕੇ ਦਮਗਜੇ ਮਾਰ ਕੇ ਦੁਬਾਰਾ ਜਿਤਣ ਦੇ ਸੁਪਨੇ ਵੇਖ ਰਹੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਆਮ ਲੋਕਾਂ ਚੋਂ ਉਠਣ ਦਾ ਦਾਅਵਾ ਕਰਨ ਵਾਲੇ ਏਨੇ ਖਾਸ ਬਣ ਚੁੱਕੇ ਹਨ ਕਿ ਹੁਣ ਕਿਸੇ ਪੀੜਤ ਪਰਿਵਾਰ ਨੂੰ ਮਿਲਣ, ਲੋਕਾਂ ਦੇ ਸਵਾਲ ਸੁਣਨ ਅਤੇ ਜਵਾਬ ਦੇਣ ਤੋਂ ਪੂਰੀ ਤਰਾਂ ਪਾਸਾ ਵੱਟ ਚੁੱਕੇ ਹਨ। ਉਹ ਇਹ ਭੁੱਲ ਚੁੱਕੇ ਹਨ ਕਿ ਏਨੇ ਭਾਰੇ ਬਹੁਮਤ ਨਾਲ ਜਿਤਾਉਣ ਵਾਲੇ ਲੋਕ ਘਰਾਂ ਨੂੰ ਤੋਰਨ ਲੱਗਿਆਂ ਵੀ ਦੂਜੀ ਵਾਰ ਨਹੀਂ ਸੋਚਦੇ। ਜਿਸਦੀਆਂ ਪਹਿਲੀਆਂ ਮਿਸਾਲਾਂ ਇਹਨਾਂ ਦੇ ਸਾਹਮਣੇ ਹਨ ਅਤੇ ਇਹ ਉਹਨਾਂ ਦੀਆਂ ਉਦਾਹਰਣਾਂ ਵੀ ਦੇਂਦੇ ਰਹਿੰਦੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜੇ ਇਸ ਸਰਕਾਰ ਦੇ ਮੁਖੀ ਵਿੱਚ ਜਰਾ ਵੀ ਇਨਸਾਨੀਅਤ ਬਚੀ ਹੈ ਤਾਂ ਉਹਨਾਂ ਨੂੰ ਭੰਮੇ ਕਲਾਂ ਵਾਲੇ ਨੌਜਵਾਨ ਦੀ ਲਾਸ਼ ਉਸਦੇ ਪਰਿਵਾਰ ਨੂੰ ਦੇਕੇ ਉਹਨਾਂ ਤੋਂ ਮਾਫੀ ਮੰਗਦਿਆਂ ਹੋਇਆਂ ਪੂਰਾ ਮੁਆਵਜਾ ਦੇਣਾ ਚਾਹੀਦਾ ਹੈ। ਮਾਨਸਾ ਵਿਚ ਲੋਕਾਂ ਨਾਲ ਧੱਕੇਸ਼ਾਹੀ ਕਰਨ ਵਾਲੇ ਪੁਲਸ ਅਫਸਰਾਂ ਨੂੰ ਸਸਪੈਂਡ ਕਰਕੇ ਗ੍ਰਿਫਤਾਰ ਕੀਤੇ ਸਾਰੇ ਨੌਜਵਾਨਾਂ ਨੂੰ ਰਿਹਾਅ ਕਰਨਾ ਚਾਹੀਦਾ ਹੈ। ਸ਼ਹੀਦ ਪਰਵਿੰਦਰ ਸਿੰਘ ਦੇ ਪਰਿਵਾਰ ਨਾਲ ਵੀ ਮੁਲਾਕਾਤ ਕਰਕੇ ਤੁਰੰਤ ਮਸਲੇ ਦਾ ਹੱਲ ਕਰਨਾ ਚਾਹੀਦਾ ਹੈ। ਬਿਆਨ ਦੇ ਅਖੀਰ ਵਿੱਚ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਲੋਕਾਂ ਵਿੱਚੋਂ ਉਠੇ ਲੋਕਾਂ ਨੂੰ ਆਮ ਲੋਕਾਂ ਨਾਲ ਸਾਂਝ ਬਣਾ ਕੇ ਰੱਖਣੀ ਚਾਹੀਦੀ ਹੈ ਨਾ ਕਿ ਉਹਨਾਂ ਦੇ ਹਾਕਮ ਬਣ ਕੇ ਜ਼ੁਲਮ ਦੀ ਲਕੀਰ ਖਿਚਣੀ ਚਾਹੀਦੀ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਧੂਰੀ ਤੋਂ ਦੁਬਾਰਾ ਟਿਕਟ ਮਿਲਣ 'ਤੇ ਲੱਡੂ ਵੰਡ ਕੇ ਅਤੇ ਪਟਾਕੇ ਚਲਾ ਕੇ ਖੁਸ਼ੀ ਮਨਾਈ ਗਈ



ਧੂਰੀ (ਰਣਜੀਤ ਸਿੰਘ ਪੇਧਨੀ)-2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬਦੀਆਂ 40 ਵਿਧਾਨ ਸਭਾ ਚੋਣਾਂ ਦੇ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣੇ ਪਹਿਲਾਂ ਵਾਲੇ ਹਲਕੇ ਧੂਰੀ ਤੋਂ ਹੀ ਵਿਧਾਨ ਸਭਾ ਦੀ ਚੋਣ ਲੜਨਗੇ ਇਸ ਜਿਸ ਨੂੰ ਲੈ ਕੇ ਧੂਰੀ ਹਲਕੇ ਦੇ ਵਿੱਚ ਬਹੁਤ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਇਸ ਖੁਸ਼ੀ ਦਾ ਇਜ਼ਹਾਰ ਕਰਦਿਆਂ ਮੁੱਖ ਮੰਤਰੀ ਦਫਤਰ ਧੂਰੀ ਵਿਖੇ ਮੁੱਖ ਮੰਤਰੀ ਦਫਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ਼ ਬੋਰਡ ਪੰਜਾਬ, ਚੇਅਰਮੈਨ ਰਾਜਵੰਤ ਸਿੰਘ ਘੁੱਲੀ , ਚੇਅਰਮੈਨ ਦਲਵੀਰ ਸਿੰਘ ਢਿੱਲੋ ਅਤੇ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਦੀ ਅਗਵਾਈ ਹੇਠ ਮੁੱਖ ਮੰਤਰੀ ਦਫਤਰ ਧੂਰੀ ਵਿਖੇ ਲੱਡੂ ਵੰਡ ਅਤੇ ਪਟਾਕੇ ਚਲਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਮਨੀਸ ਕੁਮਾਰ ਜਿੰਦਲ ਸੀਨੀਅਰ ਮੀਤ ਪ੍ਰਧਾਨ ਮਿਉਂਸਪਲ ਕਮੇਟੀ ਧੂਰੀ ,ਰਜਿੰਦਰ ਸਿੰਘ ਲੱਧੜ ਐਮਸੀ, ਅਸਵਨੀ ਧੀਰ ਐਮਸੀ, ਦਰਸ਼ਨ ਕੁਮਾਰ ਦਰਸੀ ਐਮਸੀ, ਪਰਮਜੀਤ ਸਿੰਘ ਕਾਂਝਲਾ, ਪਰਮਜੀਤ ਸਿੰਘ ਬੱਬੂ ਐਮਸੀ, ਨਰੇਸ਼ ਚੌਹਾਨ ਐਮਸੀ, ਪੁਸਪਿੰਦਰ ਸਰਮਾ ਐਮਸੀ, ਨਰੇਸ ਸਿੰਗਲਾ, ਸਰਬਜੀਤ ਸਿੰਘ ਮਾਮਾ, ਸੁਖਪਾਲ ਸਿੰਘ ਪਾਲਾ, ਸਰਪੰਚ ਰਾਜੂ ਬਰੜਵਾਲ, ਤਰਮੇਮ ਕਲਸੀ, ਜਸਨ ਕਹੇਰੂ, ਅਮਨ ਬੇਨੜਾ, ਹਰਦੀਪ ਸਿੰਘ ਹਰਪ੍ਰੀਤ ਸਿੰਘ, ਬਲਦੇਵ ਸਿੰਘ, ਗੁਰਵਿੰਦਰ ਕੌਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਚੌਥੀ ਵਾਰ ਤਲਵੰਡੀ ਸਾਬੋ ਤੋਂ ਉਮੀਦਵਾਰ ਐਲਾਨੇ ਜਾਣ 'ਤੇ ਪ੍ਰੋ. ਬਲਜਿੰਦਰ ਕੌਰ ਨੇ ਹਾਈਕਮਾਂਡ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਕੀਤਾ ਧੰਨਵਾਦ



ਤਲਵੰਡੀ ਸਾਬੋ, 31 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਜਾਰੀ ਕੀਤੀ ਗਈ ਪਹਿਲੀ ਉਮੀਦਵਾਰ ਸੂਚੀ ਵਿੱਚ ਹਲਕਾ ਤਲਵੰਡੀ ਸਾਬੋ ਤੋਂ ਮੌਜੂਦਾ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰਾਪਤ ਪ੍ਰੋ. ਬਲਜਿੰਦਰ ਕੌਰ ਨੂੰ ਚੌਥੀ ਵਾਰ ਪਾਰਟੀ ਉਮੀਦਵਾਰ ਐਲਾਨੇ ਜਾਣ 'ਤੇ ਉਨ੍ਹਾਂ ਨੇ ਪਾਰਟੀ ਹਾਈਕਮਾਂਡ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ ਹੈ। ਉਮੀਦਵਾਰ ਐਲਾਨੇ ਜਾਣ ਤੋਂ ਬਾਅਦ ਗੱਲਬਾਤ ਕਰਦਿਆਂ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ 'ਤੇ ਮੁੜ ਭਰੋਸਾ ਪ੍ਰਗਟਾਉਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਪਿਛਲੇ ਪੰਜ ਸਾਲਾਂ ਦੌਰਾਨ ਉਨ੍ਹਾਂ ਵੱਲੋਂ ਹਲਕੇ ਦੇ ਵਿਕਾਸ ਕਾਰਜਾਂ, ਲੋਕਾਂ ਦੀਆਂ ਸਮੱਸਿਆਵਾਂ ਅਤੇ ਜਨਤਕ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਕੀਤੇ ਗਏ ਕੰਮਾਂ ਅਤੇ ਲੋਕਾਂ ਨਾਲ ਲਗਾਤਾਰ ਰਾਬਤਾ ਬਣਾਈ ਰੱਖਣ ਦੀ ਕਾਰਗੁਜ਼ਾਰੀ ਨੂੰ ਦੇਖਦਿਆਂ ਹੀ ਪਾਰਟੀ ਹਾਈਕਮਾਂਡ ਨੇ ਉਨ੍ਹਾਂ ਨੂੰ ਮੁੜ ਚੋਣ ਮੈਦਾਨ ਵਿੱਚ ਉਤਾਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਹਲਕੇ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਕੰਮ ਕਰਦੇ ਰਹਿਣਗੇ। ਉਨ੍ਹਾਂ ਨੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ, ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਰਕਰਾਂ ਦੀ ਮਿਹਨਤ ਅਤੇ ਲੋਕਾਂ ਦਾ ਸਹਿਯੋਗ ਉਨ੍ਹਾਂ ਲਈ ਹਮੇਸ਼ਾ ਅਹਿਮ ਰਿਹਾ ਹੈ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਉਹ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨਾਲ ਮਿਲ ਕੇ ਲੋਕਾਂ ਤੱਕ ਪਹੁੰਚ ਕਰਨਗੇ ਅਤੇ ਹਲਕੇ ਦੇ ਵਿਕਾਸ ਨਾਲ ਜੁੜੇ ਮੁੱਦਿਆਂ ਨੂੰ ਤਰਜੀਹ ਦਿੱਤੀ ਜਾਵੇਗੀ।

ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਐਸ ਸੀ ਵਿੰਗ ਵੱਲੋਂ

ਕੁਝ ਹੋਰ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ - ਸ ਹਰਵੇਲ ਸਿੰਘ ਮਾਧੋਪੁਰ



ਫਤਿਹਗੜ੍ਹ ਸਾਹਿਬ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਐਸ ਸੀ ਵਿੰਗ ਦੇ ਪ੍ਰਧਾਨ ਸ ਹਰਵੇਲ ਸਿੰਘ ਮਾਧੋਪੁਰ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਨਾਲ ਸਲਾਹ ਮਸ਼ਵਰਾ ਕਰਕੇ ਐਸ ਸੀ ਵਿੰਗ ਦਾ ਵਿਸਥਾਰ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਪਾਰਟੀ ਦੇ ਬਹੁਤ ਹੀ ਸੂਝਵਾਨ ਅਤੇ ਸੀਨੀਅਰ ਆਗੂਆਂ ਨੂੰ ਐਸ ਸੀ ਵਿੰਗ ਦੇ ਸਲਾਹਕਾਰ ਨਿਯੁਕਤ ਕੀਤਾ ਗਿਆ ਜਿੰਨਾ ਦੇ ਤਜਰਬੇ ਤੋਂ ਲਾਭ ਲੈ ਕੇ ਵਿੰਗ ਮਜਬੂਤੀ ਨਾਲ ਕੰਮ ਕਰੇਗਾ। ਨਵੇਂ ਨਿਯੁਕਤ ਕੀਤੇ ਗਏ ਅਹੁਦੇਦਾਰਾਂ ਦਾ ਵੇਰਵਾ ਇਸ ਤਰਾਂ ਹੈ-;

ਸਲਾਹਕਾਰ ਕਮੇਟੀ -1. ਸਰਵਣ ਸਿੰਘ ਫਿਲੌਰ 2. ਜਸਟਿਸ ਨਿਰਮਲ ਸਿੰਘ 3. ਅਜੈਪਾਲ ਸਿੰਘ ਮੀਰਾਂਕੋਟ 4. ਮਲਕੀਤ ਸਿੰਘ ਚੰਗਾਲ 5. ਭਗਤ ਸਿੰਘ ਪੰਜਕੋਹਾ 6. ਤੇਜਾ ਸਿੰਘ ਅਕਲੀਆ।

ਸੀਨੀਅਰ ਮੀਤ ਪ੍ਰਧਾਨ : 1. ਕੈਪਟਨ ਹਰਜਿੰਦਰ ਸਿੰਘ ਮਾਨੂੰਪੁਰ।

ਮੀਤ ਪ੍ਰਧਾਨ : 1. ਕੁਲਦੀਪ ਸਿੰਘ ਖਰੜ 2. ਹੰਸਾ ਸਿੰਘ ਰਾਮਪੁਰਾ 3. ਗੁਰਮੀਤ ਸਿੰਘ ਰਠੌੜ

ਜਨਰਲ ਸਕੱਤਰ : 1. ਪ੍ਰਿੰਸੀਪਲ ਮੋਹਣ ਸਿੰਘ 2. ਪ੍ਰਿਤਪਾਲ ਸਿੰਘ ਹਵੇਲੀ 3. ਦਵਿੰਦਰ ਸਿੰਘ ਤੇਜਾ 4. ਨਰਿੰਦਰਪਾਲ ਸਿੰਘ ਸੇਹਰੀ

ਸਕੱਤਰ : 1. ਗੁਰਵਿੰਦਰ ਸਿੰਘ ਮੜੌਲੀਆਂ

ਜਥੇਬੰਦਕ ਸਕੱਤਰ : 1. ਡਾ ਰਵਿੰਦਰ ਸਿੰਘ ਭਾਂਖਰ 2. ਪ੍ਰੇਮ ਸਿੰਘ ਖ਼ਾਲਸਾ 3. ਕੈਪਟਨ ਦਿਲਬਾਰਾ ਸਿੰਘ 4. ਗੁਰਜੰਟ ਸਿੰਘ ਬਹਿਮਣ 5. ਸਤਪਾਲ ਸਿੰਘ ਮਾਛੀਵਾੜਾ 6. ਤਿਰਲੋਕ ਸਿੰਘ ਮੈਨੇਜਰ

ਪ੍ਰਚਾਰ ਸਕੱਤਰ : 1. ਜਰਨੈਲ ਸਿੰਘ ਪਿਪਲ ਮਾਜਰਾ 2. ਦਰਸ਼ਨ ਸਿੰਘ ਫੌਜੀ 3. ਪਰਮਿੰਦਰ ਸਿੰਘ ਰੋੜੇਵਾਲਾ 4. ਨਿਰਮਲ ਸਿੰਘ ਸਤੌਂਦਾ 5. ਗੁਰਵੰਤ ਸਿੰਘ ਖਮਾਣੋਂ ਕਲਾਂ 6. ਭੀਮ ਸਿੰਘ ਟੌਹੜਾ 7. ਮਨਜੀਤ ਸਿੰਘ ਰਾਜਪੁਰਾ 8. ਜਥੇਦਾਰ ਕਸ਼ਮੀਰਾ ਸਿੰਘ 9. ਬਲਬੀਰ ਸਿੰਘ। ਸ ਹਰਵੇਲ ਸਿੰਘ ਨੇ ਕਿਹਾ ਕਿ ਨਵੇਂ ਅਹੁਦੇਦਾਰ ਪਾਰਟੀ ਪ੍ਰਤੀ ਵਫਾਦਾਰ ਅਤੇ ਤਨਦੇਹੀ ਨਾਲ ਕੰਮ ਕਰਨ ਵਾਲੇ ਆਗੂ ਹਨ, ਨਵੀਂ ਜਿੰਮੇਵਾਰੀ ਨਾਲ ਹੋਰ ਵੀ ਸੁਚੱਜੇ ਢੰਗ ਨਾਲ ਕੰਮ ਕਰਨਗੇ। ਪ੍ਰੈੱਸ ਨੂੰ ਇਹ ਜਾਣਕਾਰੀ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਅਤੇ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਦਿੱਤੀ ਗਈ।

ਤਿਉਹਾਰਾਂ ਦੇ ਸੀਜ਼ਨ ਵਿੱਚ ਮਿਲਾਵਟਖੋਰੀ ਵਿਰੁੱਧ

ਸਿਹਤ ਵਿਭਾਗ ਸਖ਼ਤ ਕਾਰਵਾਈ ਕਰੇ



ਪੰਜਾਬ ਦੇ ਲੋਕਾਂ ਨੂੰ ਸ਼ੁੱਧ ਅਤੇ ਮਿਆਰੀ ਖਾਣ-ਪੀਣ ਵਾਲੀਆਂ ਵਸਤਾਂ ਮੁਹੱਈਆ ਕਰਵਾਉਣਾ ਸਿਹਤ ਵਿਭਾਗ ਦੀ ਅਹਿਮ ਜ਼ਿੰਮੇਵਾਰੀ ਹੈ।

ਤਿਉਹਾਰਾਂ ਦੇ ਸੀਜ਼ਨ ਦੌਰਾਨ ਪੰਜਾਬ ਦੇ ਲੋਕਾਂ ਨੂੰ ਮਿਆਰੀ ਖਾਦ ਪਦਾਰਥ, ਮਿਠਾਈਆਂ, ਫਲ-ਫਰੂਟ, ਦੁੱਧ, ਪਨੀਰ ਅਤੇ ਸਬਜ਼ੀਆਂ ਮੁਹੱਈਆ ਕਰਵਾਉਣ ਲਈ ਸਿਹਤ ਵਿਭਾਗ ਨੂੰ ਵਿਸ਼ੇਸ਼ ਮੁਹਿੰਮ ਚਲਾਉਣੀ ਚਾਹੀਦੀ ਹੈ। ਇਸ ਸਮੇਂ ਬਾਜ਼ਾਰਾਂ ਵਿੱਚ ਖਾਣ-ਪੀਣ ਵਾਲੀਆਂ ਵਸਤਾਂ ਦੀ ਮੰਗ ਵਧ ਜਾਂਦੀ ਹੈ ਅਤੇ ਇਸ ਦਾ ਫਾਇਦਾ ਉਠਾ ਕੇ ਕੁਝ ਗੈਰ-ਜ਼ਿੰਮੇਵਾਰ ਵਪਾਰੀਆਂ ਵੱਲੋਂ ਮਿਲਾਵਟਖੋਰੀ ਕੀਤੇ ਜਾਣ ਦਾ ਖ਼ਤਰਾ ਵੀ ਵਧ ਜਾਂਦਾ ਹੈ। ਖ਼ਾਸ ਕਰਕੇ ਦੂਜੇ ਸੂਬਿਆਂ ਤੋਂ ਪੰਜਾਬ ਵਿੱਚ ਆ ਰਹੇ ਸ਼ੱਕੀ ਅਤੇ ਗੈਰ-ਮਿਆਰੀ ਪਨੀਰ ਦੀ ਸਪਲਾਈ ਦੀ ਸਖ਼ਤੀ ਨਾਲ ਜਾਂਚ ਹੋਣੀ ਚਾਹੀਦੀ ਹੈ। ਜ਼ਿਲ੍ਹਾ ਸਿਹਤ ਅਫ਼ਸਰਾਂ ਅਤੇ ਫੂਡ ਸੇਫਟੀ ਅਧਿਕਾਰੀਆਂ ਨੂੰ ਦੁੱਧ, ਪਨੀਰ, ਖੋਇਆ, ਘਿਓ, ਮਿਠਾਈਆਂ ਅਤੇ ਹੋਰ ਖਾਦ ਪਦਾਰਥਾਂ ਦੇ ਨਮੂਨੇ ਲੈ ਕੇ ਲੈਬਾਰਟਰੀ ਵਿੱਚ ਜਾਂਚ ਲਈ ਭੇਜਣੇ ਚਾਹੀਦੇ ਹਨ। ਜਿਹੜੇ ਪਦਾਰਥ ਜਾਂਚ ਵਿੱਚ ਗੈਰ-ਮਿਆਰੀ ਜਾਂ ਮਿਲਾਵਟੀ ਪਾਏ ਜਾਣ, ਉਨ੍ਹਾਂ ਦੀ ਵਿਕਰੀ ਤੁਰੰਤ ਰੋਕ ਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।

ਸਿਹਤ ਮੰਤਰੀ ਪੰਜਾਬ ਨੂੰ ਵੀ ਇਸ ਗੰਭੀਰ ਮਾਮਲੇ ਵਿੱਚ ਸਿਹਤ ਵਿਭਾਗ ਦਾ ਪੂਰਾ ਸਾਥ ਦੇਣਾ ਚਾਹੀਦਾ ਹੈ। ਵਿਭਾਗ ਨੂੰ ਲੋੜੀਂਦਾ ਸਟਾਫ਼, ਆਧੁਨਿਕ ਜਾਂਚ ਸਹੂਲਤਾਂ, ਵਾਹਨ ਅਤੇ ਹੋਰ ਸਰੋਤ ਮੁਹੱਈਆ ਕਰਵਾਏ ਜਾਣ ਤਾਂ ਜੋ ਅਧਿਕਾਰੀ ਬਿਨਾਂ ਕਿਸੇ ਦਬਾਅ ਦੇ ਆਪਣੀ ਡਿਊਟੀ ਨਿਭਾ ਸਕਣ।

ਮੇਰੀ ਮੰਗ ਹੈ ਕਿ:

ਪੰਜਾਬ ਦੀਆਂ ਸਾਰੀਆਂ ਮੁੱਖ ਸੜਕਾਂ ਅਤੇ ਸਪਲਾਈ ਕੇਂਦਰਾਂ ਉੱਤੇ ਸ਼ੱਕੀ ਖਾਦ ਪਦਾਰਥਾਂ ਦੀ ਜਾਂਚ ਕੀਤੀ ਜਾਵੇ।

ਦੁੱਧ, ਪਨੀਰ, ਖੋਇਆ, ਦੇਸੀ ਘਿਓ ਅਤੇ ਮਿਠਾਈਆਂ ਦੀ ਨਿਯਮਤ ਸੈਂਪਲਿੰਗ ਕੀਤੀ ਜਾਵੇ।

ਨਕਲੀ ਅਤੇ ਗੈਰ-ਮਿਆਰੀ ਪਨੀਰ ਬਣਾਉਣ ਅਤੇ ਵੇਚਣ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਵਿਆਹ-ਸ਼ਾਦੀਆਂ, ਹੋਟਲਾਂ, ਢਾਬਿਆਂ, ਮਠਿਆਈਆਂ ਦੀਆਂ ਦੁਕਾਨਾਂ ਅਤੇ ਡੇਅਰੀਆਂ ਦੀ ਅਚਨਚੇਤ ਜਾਂਚ ਕੀਤੀ ਜਾਵੇ।

ਜਾਂਚ ਰਿਪੋਰਟਾਂ ਅਤੇ ਕੀਤੀ ਗਈ ਕਾਰਵਾਈ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾਵੇ।

ਆਮ ਲੋਕਾਂ ਲਈ ਮਿਲਾਵਟਖੋਰੀ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਦੀ ਸਹੂਲਤ ਆਸਾਨ ਬਣਾਈ ਜਾਵੇ।

ਯਾਦ ਰੱਖੋ, ਮਿਲਾਵਟਖੋਰੀ ਸਿਰਫ਼ ਵਪਾਰਕ ਧੋਖਾਧੜੀ ਨਹੀਂ, ਸਗੋਂ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੈ। ਇਸ ਦਾ ਸਭ ਤੋਂ ਵੱਧ ਨੁਕਸਾਨ ਬੱਚਿਆਂ, ਬਜ਼ੁਰਗਾਂ ਅਤੇ ਬਿਮਾਰ ਵਿਅਕਤੀਆਂ ਨੂੰ ਹੋ ਸਕਦਾ ਹੈ।

ਸਿਹਤ ਵਿਭਾਗ ਦਾ ਮਕਸਦ ਸਿਰਫ਼ ਛਾਪੇਮਾਰੀ ਕਰਨਾ ਨਹੀਂ, ਬਲਕਿ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣਾ ਅਤੇ ਸੁਰੱਖਿਅਤ ਖੁਰਾਕ ਯਕੀਨੀ ਬਣਾਉਣਾ ਹੋਣਾ ਚਾਹੀਦਾ ਹੈ। ਆਓ, ਪੰਜਾਬ ਨੂੰ ਮਿਲਾਵਟਖੋਰੀ ਤੋਂ ਮੁਕਤ ਅਤੇ ਸਿਹਤਮੰਦ ਬਣਾਉਣ ਲਈ ਸਰਕਾਰ, ਸਿਹਤ ਵਿਭਾਗ, ਵਪਾਰੀ ਵਰਗ ਅਤੇ ਆਮ ਲੋਕ ਮਿਲ ਕੇ ਆਪਣੀ ਜ਼ਿੰਮੇਵਾਰੀ ਨਿਭਾਈਏ।

ਲੋਕਾਂ ਦੀ ਸਿਹਤ ਨਾਲ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ।

-ਡਾ. ਜਗਜੀਵਨ ਸਿੰਘ ਸ਼ੇਰਪੁਰ
ਸਾਬਕਾ ਜ਼ਿਲ੍ਹਾ ਸਿਹਤ ਅਫ਼ਸਰ, ਮਾਨਸਾ, ਪੰਜਾਬ।

ਅਪਥਾਲਮਿਕ ਅਫ਼ਸਰ ਲਕਸ਼ਮੀ ਛਾਇਆ ਦੀ

ਸੇਵਾਮੁਕਤੀ 'ਤੇ ਵਿਦਾਇਗੀ ਸਮਾਰੋਹ



ਚੌਕ ਮਹਿਤਾ, 31 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸਿਹਤ ਵਿਭਾਗ ਦੇ ਕਮਿਊਨਿਟੀ ਹੈਲਥ ਸੈਂਟਰ (ਸੀ.ਐੱਚ.ਸੀ.) ਮਾਨਾਂਵਾਲਾ, ਅੰਮ੍ਰਿਤਸਰ ਵਿਖੇ ਤਾਇਨਾਤ ਅਪਥਾਲਮਿਕ ਅਫ਼ਸਰ ਸ੍ਰੀਮਤੀ ਲਕਸ਼ਮੀ ਛਾਇਆ ਅੱਜ ਸ਼ਨੀਵਾਰ ਨੂੰ ਆਪਣੀਆਂ ਸਰਕਾਰੀ ਸੇਵਾਵਾਂ ਤੋਂ ਸੇਵਾਮੁਕਤ ਹੋ ਗਏ। ਇਸ ਮੌਕੇ ਉਨ੍ਹਾਂ ਨੂੰ ਨਿੱਘੀ ਵਿਦਾਇਗੀ ਦੇਣ ਲਈ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਿਹਤ ਵਿਭਾਗ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਆਫ਼ ਪੰਜਾਬ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ ਇਸ ਮੌਕੇ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਆਫ਼ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ, ਸੂਬਾ ਪ੍ਰਧਾਨ ਆਚਾਰੀਆ ਗੁਰੂ ਮੀਤ, ਸੁਪਰਿਟੈਂਡੈਂਟ, ਜਨਰਲ ਸਕੱਤਰ ਸ੍ਰੀ ਸੰਜੀਵ ਆਨੰਦ ਜ਼ਿਲ੍ਹਾ ਚੀਫ਼ ਫਾਰਮੇਸੀ ਅਫ਼ਸਰ, ਸ੍ਰੀ ਰਜਿੰਦਰ ਸਿੰਘ ਅਪਥਾਲਮਿਕ ਅਫ਼ਸਰ, ਸ੍ਰੀਮਤੀ ਸਵਿੰਦਰ ਕੌਰ ਅਪਥਾਲਮਿਕ ਅਫ਼ਸਰ, ਸ੍ਰੀ ਨਵਜੋਤ ਸੂਦ, ਸੇਵਾਮੁਕਤ ਫਾਰਮੇਸੀ ਅਫ਼ਸਰ ਸ੍ਰੀ ਰਾਜੀਵ ਕੁਮਾਰ ਫਾਰਮੇਸੀ ਅਫ਼ਸਰ ਅਤੇ ਸ੍ਰੀ ਬਾਲ ਕ੍ਰਿਸ਼ਨ ਬਾਲਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਸਮਾਰੋਹ ਦੌਰਾਨ ਐਸੋਸੀਏਸ਼ਨ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਨੇ ਸ੍ਰੀਮਤੀ ਲਕਸ਼ਮੀ ਛਾਇਆ ਨੂੰ ਸੇਵਾਮੁਕਤੀ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਉਨ੍ਹਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਚੰਗੀ ਸਿਹਤ, ਖੁਸ਼ਹਾਲੀ ਅਤੇ ਸੁਖਮਈ ਜੀਵਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਸੇਵਾਵਾਂ ਦੇ ਸਨਮਾਨ ਵਜੋਂ ਲਾਈਫਟਾਈਮ ਅਚੀਵਮੈਂਟ ਸ਼ੀਲਡ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਸਮਾਗਮ ਦੌਰਾਨ ਹਾਜ਼ਰ ਸ਼ਖ਼ਸੀਅਤਾਂ ਨੇ ਸ੍ਰੀਮਤੀ ਲਕਸ਼ਮੀ ਛਾਇਆ ਦੇ ਸੇਵਾਮੁਕਤੀ ਉਪਰੰਤ ਜੀਵਨ ਲਈ ਸ਼ੁਭਕਾਮਨਾਵਾਂ ਪ੍ਰਗਟ ਕਰਦਿਆਂ ਕਾਮਨਾ ਕੀਤੀ ਕਿ ਉਨ੍ਹਾਂ ਦਾ ਆਉਣ ਵਾਲਾ ਜੀਵਨ ਸਿਹਤਮੰਦ, ਖੁਸ਼ਹਾਲ ਅਤੇ ਸੁਖਦਾਈ ਹੋਵੇ।

ਡਾ. ਸਵਰਾਜ ਗਰੋਵਰ 'ਭਾਰਤ ਗੌਰਵ ਐਕਸੀਲੈਂਸ ਐਵਾਰਡ 2026' ਨਾਲ ਸਨਮਾਨਿਤ



ਚੌਕ ਮਹਿਤਾ 31ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ. ਸਵਰਾਜ ਗਰੋਵਰ ਨੂੰ ਪਿਛਲੇ 58 ਸਾਲਾਂ ਤੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਲੱਖਾਂ ਲੋੜਵੰਦਾਂ ਦੀ ਭਲਾਈ ਲਈ ਕੀਤੇ ਗਏ ਉਨ੍ਹਾਂ ਦੇ ਨਿਰਸਵਾਰਥ ਸਮਾਜਿਕ ਕਾਰਜਾਂ ਲਈ ਭਾਰਤ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਜੀਵਰਨ ਫਾਊਂਡੇਸ਼ਨ ਦੇ ਸੰਸਥਾਪਕ ਅਤੇ ਪ੍ਰਧਾਨ ਸ੍ਰੀ ਆਕਾਸ਼ ਸਾਹੂ, ਮੈਨੇਜਿੰਗ ਡਾਇਰੈਕਟਰ ਸ੍ਰੀ ਆਸ਼ੂਤੋਸ਼ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ 'ਭਾਰਤ ਗੌਰਵ ਐਕਸੀਲੈਂਸ ਐਵਾਰਡ-2026 (ਐਕਸਕਲੂਸਿਵ ਗਲੋਬਲ ਆਨਰ)' ਨਾਲ ਸਨਮਾਨਿਤ ਕੀਤਾ ਗਿਆ। ਡਾ. ਗਰੋਵਰ ਨੇ 25,000 ਤੋਂ ਵੱਧ ਟੁੱਟੇ-ਵਿਛੜੇ ਪਰਿਵਾਰਾਂ ਨੂੰ ਜੋੜਨ, ਘਰੇਲੂ ਹਿੰਸਾ ਅਤੇ ਭਰੂਣ ਹੱਤਿਆ ਨੂੰ ਰੋਕਣ, ਪੀੜਤਾਂ ਨੂੰ ਇਨਸਾਫ਼ ਦਿਵਾਉਣ, ਗਰੀਬ ਬੱਚਿਆਂ ਨੂੰ ਸਿੱਖਿਅਤ ਕਰਨ, ਔਰਤਾਂ ਨੂੰ ਆਤਮ-ਨਿਰਭਰ ਬਣਾਉਣ, ਬਿਨਾਂ ਦਾਜ-ਦਹੇਜ ਵਿਆਹ ਅਤੇ ਕੋਵਿਡ-19 ਅਤੇ ਕੁਦਰਤੀ ਆਫ਼ਤਾਂ ਦੌਰਾਨ ਹਜ਼ਾਰਾਂ ਲੋੜਵੰਦਾਂ ਦੀ ਸਹਾਇਤਾ ਸਮੇਤ ਅਣਗਿਣਤ ਭਲਾਈ ਦੇ ਕੰਮ ਕੀਤੇ ਹਨ ਉਨ੍ਹਾਂ ਦੀਆਂ ਸੇਵਾਵਾਂ ਲਈ ਦੱਖਣੀ ਅਮਰੀਕਾ (ਸੂਰੀਨਾਮ), ਹਾਲੈਂਡ, ਮਾਰੀਸ਼ਸ, ਬੈਂਕਾਕ, ਸਿੰਗਾਪੁਰ, ਚੀਨ, ਸ੍ਰੀਲੰਕਾ, ਨੇਪਾਲ, ਮਿਆਂਮਾਰ, ਸਿਡਨੀ ਅਤੇ ਮੈਲਬਰਨ ਸਮੇਤ ਕਈ ਦੇਸ਼ਾਂ ਵਿੱਚ ਮਹਿਮਾਨ ਬੁਲਾਰੇ ਵਜੋਂ ਸੱਦ ਕੇ ਸਨਮਾਨਿਤ ਕੀਤਾ ਗਿਆ। ਭਾਰਤ ਦੇ ਲਗਭਗ ਸਾਰੇ ਰਾਜਾਂ ਵਿੱਚ ਵੀ ਉਨ੍ਹਾਂ ਨੂੰ ਸਨਮਾਨ ਪ੍ਰਾਪਤ ਹੋਇਆ ਹੈ। ਡਾ. ਸਵਰਾਜ ਗਰੋਵਰ ਨੇ ਇਹ ਸਨਮਾਨ ਆਪਣੇ ਸਾਰੇ ਸ਼ੁਭਚਿੰਤਕਾਂ ਅਤੇ ਸਹਿਯੋਗੀਆਂ ਨੂੰ ਸਤਿਕਾਰ ਸਹਿਤ ਸਮਰਪਿਤ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।

ਐਨ ਆਰ ਆਈ ਲੋਕਾਂ ਨੂੰ ਆਉਦੀਆਂ ਮੁਸਕਲਾਂ ਤੋਂ ਪੰਜਾਬ ਕਾਂਗਰਸ ਪ੍ਰਧਾਨ ਸ੍ਰ ਪ੍ਰਗਟ ਸਿੰਘ ਨੂੰ ਪ੍ਰਧਾਨ ਸੈਣੀ ਨੇ ਜਾਣੂੰ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ



ਜੰਡਿਆਲਾ ਗੁਰੂ, 31 ਅਕਤੂਬਰ (ਕੁਲਵੰਤ ਸਿੰਘ ਵਿਰਦੀ)-ਇੰਡੀਅਨ ਓਵਰਸੀਜ਼ ਕਾਂਗਰਸ ਜਰਮਨੀ ਦੇ ਪ੍ਰਧਾਨ ਸ. ਬਲਵਿੰਦਰ ਸਿੰਘ ਸੈਣੀ ਜੋ ਪੰਜਾਬ ਦੌਰੇ 'ਤੇ ਆਏ ਹੋਏ ਹਨ ਵੱਲੋਂ ਪੰਜਾਬ ਕਾਂਗਰਸ ਦੇ ਪ੍ਰਧਾਨ ਸ. ਪ੍ਰਗਟ ਸਿੰਘ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ ਅਤੇ ਇਸ ਮੌਕੇ ਪੰਜਾਬ ਦੀ ਮੌਜੂਦਾ ਰਾਜਨੀਤਿਕ ਸਥਿਤੀ ਅਤੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਖਾਸ ਤੌਰ 'ਤੇ ਪ੍ਰਵਾਸੀ ਭਾਰਤੀਆਂ ਲਈ ਇੱਕ ਪ੍ਰਭਾਵਸ਼ਾਲੀ ਅਤੇ ਵਿਹਾਰਕ ਮੈਨੀਫੈਸਟੋ ਤਿਆਰ ਕਰਨ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ, ਤਾਂ ਜੋ ਪੰਜਾਬ ਨਾਲ ਜੁੜੇ NRI ਭਰਾਵਾਂ-ਭੈਣਾਂ ਲਈ ਸਰਕਾਰੀ ਕੰਮ, ਜਾਇਦਾਦੀ ਮਾਮਲੇ, ਨਿਵੇਸ਼, ਕਾਨੂੰਨੀ ਸਹਾਇਤਾ ਅਤੇ ਹੋਰ ਜ਼ਰੂਰੀ ਸੇਵਾਵਾਂ ਸੌਖੀਆਂ, ਪਾਰਦਰਸ਼ੀ ਅਤੇ ਸਮੇਂ ਬੱਧ ਬਣਾਈਆਂ ਜਾ ਸਕਣ। ਇਸ ਮੌਕੇ ਸ ਪ੍ਰਗਟ ਸਿੰਘ ਜੀ ਨੇ ਵਿਸ਼ਵਾਸ ਦਿਵਾਇਆ ਕਿ ਕਾਂਗਰਸ ਸਰਕਾਰ ਬਣ ਗਈ ਤਾਂ ਫੌਰੀ ਤੌਰ ਤੇ ਐਨ ਆਰ ਆਈ ਵੀਰਾਂ ਲਈ ਸਪੈਸ਼ਲ ਕਾਨੂੰਨ ਬਣਾਇਆ ਜਾਵੇਗਾ । ਇਸ ਮੌਕੇ ਤੇ ਸੀਨੀਅਰ ਕਾਂਗਰਸੀ ਆਗੂ ਸ ਕੁਲਜੀਤ ਸਿੰਘ ਨਾਗਰਾ, ਸ ਸੁਖਵਿੰਦਰ ਸਿੰਘ ਭਿੱਲੀ ਮੌਜੂਦ ਸਨ। ਸ੍ਰ ਬਲਵਿੰਦਰ ਸਿੰਘ ਸੈਣੀ ਨੇ ਦਸਿਆ ਕਿ ਇਹ ਮੁਲਾਕਾਤ ਬੇਹੱਦ ਮਹੱਤਵਪੂਰਨ ਅਤੇ ਯਾਦਗਾਰੀ ਵਾਲੀ ਰਹੀ।

ਵਿਦਿਆਰਥੀਆਂ ਵੱਲੋਂ ਕੱਢੀ ਗਈ ਨਸ਼ਾ ਵਿਰੋਧੀ ਜਾਗਰੂਕਤਾ ਰੈਲੀ

ਹੁਸ਼ਿਆਰਪੁਰ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਜ਼ਿਲ੍ਹੇ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਕਰਵਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਖੇਡ ਵਿਭਾਗ ਵੱਲੋਂ ਸਹਾਇਕ ਕਮਿਸ਼ਨਰ (ਲੀਡ ਅਧਿਕਾਰੀ) ਅਮਨਦੀਪ ਕੌਰ ਦੀ ਅਗਵਾਈ ਹੇਠ ਪਿੰਡ ਭੂੰਗਰਨੀ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸ਼ੇਸ਼ ਐਥਲੈਟਿਕਸ ਖੇਡ ਪ੍ਰੋਗਰਾਮ ਕਰਵਾਇਆ ਗਿਆ। ਇਸ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਅਤੇ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਪ੍ਰੇਰਿਤ ਕਰਨਾ ਸੀ। ਅਮਨਦੀਪ ਕੌਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ ਇਸ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਖੇਡਾਂ ਸਮੇਤ ਰਚਨਾਤਮਕ ਗਤੀਵਿਧੀਆਂ ਰਾਹੀਂ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਉਨ੍ਹਾਂ ਦੀ ਭਾਗੀਦਾਰੀ ਯਕੀਨੀ ਬਣਾਉਣਾ ਹੈ। 60 ਰੋਜ਼ਾ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਤਹਿਤ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਸਕੂਲ ਦੇ ਲਗਭਗ 40 ਤੋਂ 45 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਖੇਡ ਪ੍ਰੋਗਰਾਮ ਦਾ ਪ੍ਰਬੰਧ ਖੇਡ ਕੋਚ ਹਰਜੀਤ ਪਾਲ ਸਿੰਘ ਅਤੇ ਐਥਲੈਟਿਕਸ ਕੋਚ ਮੋਨਿਕਾ ਦੀ ਦੇਖ-ਰੇਖ ਹੇਠ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪਿੰਡ ਵਿੱਚ ਕੱਢੀ ਗਈ ਨਸ਼ਾ ਵਿਰੋਧੀ ਜਾਗਰੂਕਤਾ ਰੈਲੀ ਨਾਲ ਹੋਈ। ਰੈਲੀ ਰਾਹੀਂ ਵਿਦਿਆਰਥੀਆਂ ਨੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਦਾ ਸੰਦੇਸ਼ ਦਿੱਤਾ। ਇਸ ਦੌਰਾਨ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ। ਰੈਲੀ ਤੋਂ ਬਾਅਦ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ। ਲੜਕਿਆਂ ਦੇ ਅੰਡਰ-14 ਅਤੇ 14 ਤੋਂ 17 ਸਾਲ ਉਮਰ ਵਰਗ ਵਿੱਚ 100 ਮੀਟਰ ਦੌੜ ਕਰਵਾਈ ਗਈ। ਲੜਕੀਆਂ ਲਈ ਡੌਜਬਾਲ ਅਤੇ ਲੜਕੇ ਤੇ ਲੜਕੀਆਂ ਦੋਵਾਂ ਲਈ ਰੱਸਾਕਸ਼ੀ ਦੇ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਖੇਡ ਗਤੀਵਿਧੀਆਂ ਵਿੱਚ ਹਿੱਸਾ ਲਿਆ।

ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ

ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



ਵੈਰੋ ਨੰਗਲ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਲਈ ਇਹ ਬੜੇ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੀਆਂ ਲੜਕੀਆਂ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਲੜਕਿਆਂ ਦੀ ਟੀਮ ਨੇ ਦੂਜਾ ਸਥਾਨ ਹਾਸਲ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਸ਼ਾਨਦਾਰ ਸਫ਼ਲਤਾ ਦਾ ਸਿਹਰਾ ਸਕੂਲ ਦੇ ਮਿਹਨਤੀ ਅਤੇ ਸਮਰਪਿਤ ਕੋਚ ਸ. ਜੁਗਰਾਜ ਸਿੰਘ ਸਹੋਤਾ ਨੂੰ ਜਾਂਦਾ ਹੈ, ਜਿਨ੍ਹਾਂ ਦੀ ਯੋਗ ਅਗਵਾਈ, ਮਿਹਨਤ ਅਤੇ ਲਗਾਤਾਰ ਪ੍ਰੇਰਣਾ ਸਦਕਾ ਵਿਦਿਆਰਥੀਆਂ ਨੇ ਇਹ ਮੁਕਾਮ ਹਾਸਲ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸ. ਨਰਿੰਦਰ ਸਿੰਘ ਬਾਠ ਜੀ ਅਤੇ ਸ਼੍ਰੀਮਤੀ ਰਾਜਵੰਤ ਕੌਰ ਬਾਠ ਜੀ ਨੇ ਖਿਡਾਰੀਆਂ ਅਤੇ ਕੋਚ ਜੁਗਰਾਜ ਸਿੰਘ ਸਹੋਤਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਵੀ ਵੱਡੀਆਂ ਸਫ਼ਲਤਾਵਾਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸ਼ਕਸ਼ੀ ਬੇਦੀ ਜੀ ਨੇ ਵੀ ਕੋਚ ਜੁਗਰਾਜ ਸਿੰਘ ਸਹੋਤਾ ਅਤੇ ਸਮੂਹ ਜੇਤੂ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਖਿਡਾਰੀਆਂ, ਕੋਚ ਅਤੇ ਸਮੂਹ ਸਟਾਫ਼ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਗਈ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਗਈ। ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ - ਮਿਹਨਤ, ਲਗਨ ਅਤੇ ਸਫ਼ਲਤਾ ਦਾ ਪ੍ਰਤੀਕ।

ਆਵਾਜ਼ਿ ਕੌਮ AWAZE QAUM International Newspaper & WEB TV

ਸੇਂਟ ਸੋਲਜਰ ਸਕੂਲ ਵਿਖੇ

ਫਿੱਟ ਇੰਡੀਆ ਫ੍ਰੀਡਮ ਰਨ 7.0 ਮੈਰਾਥਨ ਦਾ ਆਯੋਜਨ



ਜੰਡਿਆਲਾ ਗੁਰੂ 31 ਅਕਤੂਬਰ (ਕੁਲਵੰਤ ਸਿੰਘ ਵਿਰਦੀ)-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ 'ਸਵੱਛਤਾ ਸੇ ਸਵਾਸਥਯ ਕੀ ਓਰ' ਦੇ ਨਾਅਰੇ ਹੇਠ ਫਿੱਟ ਇੰਡੀਆ ਫ੍ਰੀਡਮ ਰਨ 7.0 ਦਾ ਆਯੋਜਨ ਬੜੇ ਉਤਸ਼ਾਹ ਨਾਲ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਰੀਰਕ ਤੰਦਰੁਸਤੀ, ਸਫ਼ਾਈ, ਵਾਤਾਵਰਣ ਸੰਭਾਲ ਅਤੇ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਜਾਗਰੂਕ ਕਰਨਾ ਸੀ। ਇਸ ਮੌਕੇ ਕਰਵਾਈ ਗਈ ਮੈਰਾਥਨ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਭਾਗ ਲਿਆ ਅਤੇ ਪੂਰੇ ਜੋਸ਼, ਉਤਸ਼ਾਹ ਤੇ ਦ੍ਰਿੜ੍ਹ ਇਰਾਦੇ ਨਾਲ ਦੌੜ ਲਗਾਈ। ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਪ੍ਰੋਗਰਾਮ ਦੀ ਵਿਸ਼ੇਸ਼ ਗੱਲ ਇਹ ਰਹੀ ਕਿ ਵਿਦਿਆਰਥੀਆਂ ਨੇ ਦੌੜ ਦੇ ਨਾਲ-ਨਾਲ ਸਵੱਛ ਭਾਰਤ ਅਭਿਆਨ ਵਿੱਚ ਵੀ ਆਪਣਾ ਯੋਗਦਾਨ ਪਾਇਆ। ਉਨ੍ਹਾਂ ਨੇ ਆਲੇ-ਦੁਆਲੇ ਖਿੱਲਰੇ ਪੋਲੀਥੀਨ ਦੇ ਲਿਫ਼ਾਫ਼ੇ ਇਕੱਠੇ ਕਰਕੇ ਸਫ਼ਾਈ ਦਾ ਸੰਦੇਸ਼ ਦਿੱਤਾ ਅਤੇ ਲੋਕਾਂ ਨੂੰ ਕੂੜੇ ਦੇ ਸਹੀ ਨਿਪਟਾਰੇ, ਪਲਾਸਟਿਕ ਪ੍ਰਦੂਸ਼ਣ ਦੀ ਰੋਕਥਾਮ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਸਾਫ਼-ਸੁਥਰੇ ਵਾਤਾਵਰਣ ਦਾ ਹੋਣਾ ਵੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਰੋਜ਼ਾਨਾ ਕਸਰਤ ਕਰਨ, ਸਫ਼ਾਈ ਨੂੰ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ ਅਤੇ ਦੇਸ਼ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਲਈ ਪ੍ਰੇਰਿਤ ਕੀਤਾ। ਤੰਦਰੁਸਤੀ ਲਈ ਦੌੜ, ਸਫ਼ਾਈ ਲਈ ਦੌੜ ਅਤੇ ਬਿਹਤਰ ਭਾਰਤ ਲਈ ਦੌੜ' ਦੇ ਸੰਦੇਸ਼ ਨਾਲ ਸਮਾਗਮ ਸਫਲਤਾਪੂਰਵਕ ਸੰਪੰਨ ਹੋਇਆ।

ਸਿਹਤਮੰਦ ਸਮਾਜ ਦੀ ਸਿਰਜਣਾ ਲਈ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਸਾਫ਼-ਸੁਥਰੇ ਵਾਤਾਵਰਣ ਦਾ ਹੋਣਾ ਵੀ ਬੇਹੱਦ ਜ਼ਰੂਰੀ ਡਾ: ਮੰਗਲ ਸਿੰਘ ਕਿਸ਼ਨਪੁਰੀ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰੂ ਰਾਮਦਾਸ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਗੱਡੇ ਜਿੱਤ ਦੇ ਝੰਡੇ



ਫ਼ਿਰੋਜ਼ਪੁਰ, 31 ਅਕਤੂਬਰ (ਮਨੋਹਰ ਲਾਲ) :— ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ 2026 ਸਬ ਜੂਨੀਅਰ ਹੈਂਡਬਾਲ ਅੰਡਰ 11 (ਲੜਕੇ) ਸ਼ਹੀਦ ਭਗਤ ਸਿੰਘ ਯੂਨੀਵਰਸਿਟੀ ਫ਼ਿਰੋਜ਼ਪੁਰ ਵਿਖੇ ਕਰਵਾਈਆਂ ਗਈਆਂ, ਜਿਸ ਵਿਚ ਜ਼ਿਲ੍ਹੇ ਦੇ ਵੱਖ—ਵੱਖ ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਵਿਚ ਗੁਰੂ ਰਾਮਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ ਦੀ ਹੈਂਡਬਾਲ ਅੰਡਰ 11 ਲੜਕਿਆਂ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਆਪਣੇ ਟਾਮ ਕੀਤਾ। ਉਨ੍ਹਾਂ ਦੱਸਿਆ ਕਿ ਜੇਤੂ ਟੀਮ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਵੱਲੋਂ ਗੋਲਡ ਮੈਡਲ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਚੇਅਰਮੈਨ ਭਗਤ ਮਿਲਖਾ ਸਿੰਘ ਵੱਲੋਂ ਜੇਤੂ ਖਿਡਾਰੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਸਕੂਲ ਦੇ ਮੈਨੇਜਰ ਇੰਦਰਪਾਲ ਸਿੰਘ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿਚ ਆਤਮ ਵਿਸਵਾਸ਼, ਅਨੁਸਾਸ਼ਨ, ਸਬਰ ਅਤੇ ਟੀਮ ਭਾਵਨਾ ਪੈਦਾ ਕਰਨ ਦਾ ਮਹੱਤਵਪੂਰਨ ਸਾਧਨ ਹਨ। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਰਣਜੀਤ ਸਿੰਘ, ਪ੍ਰਿੰਸੀਪਲ ਖੁਸ਼ਵੰਤ ਸਿੰਘ, ਵਾਈ ਪ੍ਰਿੰਸੀਪਲ ਮੈਡਮ ਊਸ਼ਾ ਸ਼ਰਮਾ ਅਤੇ ਸਮੂਹ ਸਕੂਲ ਸਟਾਫ ਨੇ ਟੀਮ ਕੋਚ ਜਸਵੰਤ ਸਿੰਘ ਡੀ.ਪੀ.ਈ, ਰਮਨਦੀਪ ਸਿੰਘ ਡੀ.ਪੀ.ਈ, ਦਰਸ਼ਨ ਸਿੰਘ ਡੀ.ਪੀ.ਈ ਅਤੇ ਖਿਡਾਰੀਆਂ ਨੂੰ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਧਰਨੇ-ਮੁਜ਼ਾਹਰਿਆਂ 'ਤੇ ਸਖ਼ਤੀ ਦੀ ਗੱਲ ਕਰਨ ਤੋਂ ਪਹਿਲਾਂ ਸੁਖਬੀਰ ਬਾਦਲ ਇਹ ਦੇਖਣ ਕਿ ਧਰਨੇ ਲੱਗਦੇ ਕਿਉਂ ਹਨ: ਕਰਨੈਲ ਸਿੰਘ ਪੀਰਮੁਹੰਮਦ



ਚੰਡੀਗੜ੍ਹ, 31 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਡਿਕਟੇਟਰ ਸਰਕਾਰਾਂ ਹੀ ਧਰਨਿਆਂ 'ਤੇ ਪਾਬੰਦੀਆਂ ਲਗਾਉਂਦੀਆਂ ਹਨ, ਲੋਕਾਂ ਨੇ ਅਜਿਹੀਆਂ ਹਕੂਮਤਾਂ ਨੂੰ ਕਦੇ ਪ੍ਰਵਾਨ ਨਹੀਂ ਕੀਤਾ ਸਿੱਖ ਕੌਮ ਅਤੇ ਪੰਜਾਬੀਆਂ ਦੇ ਜ਼ਖ਼ਮਾਂ 'ਤੇ ਮੱਲ੍ਹਮ ਲਗਾਉਣ ਦੀ ਲੋੜ ਹੈ, ਮਿਰਚਾਂ ਪਾਉਣ ਦੀ ਨਹੀਂ ਸਕ੍ਰਿਪਟਾਂ 'ਤੇ ਕੰਮ ਕਰਨ ਦੀ ਥਾਂ ਬੀਤੇ ਸਮੇਂ ਤੋਂ ਸਬਕ ਸਿੱਖੇ ਸ਼੍ਰੋਮਣੀ ਅਕਾਲੀ ਦਲ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸਰਦਾਰ ਸੁਖਬੀਰ ਸਿੰਘ ਬਾਦਲ ਦੇ ਉਸ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਪ੍ਰਗਟ ਕੀਤੀ ਹੈ, ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ ਆਪਣੀ ਸਰਕਾਰ ਆਉਣ 'ਤੇ ਧਰਨੇ-ਮੁਜ਼ਾਹਰੇ ਨਹੀਂ ਲੱਗਣ ਦਿੱਤੇ ਜਾਣਗੇ ਅਤੇ ਇਹਨਾਂ ਨੂੰ ਸਖ਼ਤੀ ਨਾਲ ਬੰਦ ਕੀਤਾ ਜਾਵੇਗਾ। ਸਰਦਾਰ ਪੀਰਮੁਹੰਮਦ ਨੇ ਸੁਖਬੀਰ ਸਿੰਘ ਬਾਦਲ ਨੂੰ ਸਵਾਲ ਕਰਦਿਆਂ ਕਿਹਾ ਕਿ ਬਿਆਨਬਾਜ਼ੀ ਕਰਨ ਤੋਂ ਪਹਿਲਾਂ ਉਨ੍ਹਾਂ ਨੂੰ ਇਸ ਚੀਜ਼ ਦੀ ਸਕਰੀਨਿੰਗ ਕਰਨੀ ਚਾਹੀਦੀ ਸੀ ਕਿ ਆਖ਼ਰ ਧਰਨੇ-ਮੁਜ਼ਾਹਰੇ ਲੱਗਦੇ ਕਿਉਂ ਹਨ। ਉਨ੍ਹਾਂ ਕਿਹਾ ਕਿ ਧਰਨੇ ਉਦੋਂ ਹੀ ਲੱਗਦੇ ਹਨ ਜਦੋਂ ਸਰਕਾਰਾਂ ਲੋਕਾਂ ਦੀ ਗੱਲ ਸੁਣਨ ਲਈ ਤਿਆਰ ਨਹੀਂ ਹੁੰਦੀਆਂ। ਉਨ੍ਹਾਂ ਆਖਿਆ ਕਿ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਬਰਗਾੜੀ ਅਤੇ ਬਹਿਬਲ ਕਲਾਂ ਕਾਂਡ ਸਮੇਂ ਲੱਗੇ ਧਰਨੇ ਦਾ ਅੱਜ ਵੀ ਮਲਾਲ ਹੈ ਕਿ ਜੇਕਰ ਉਦੋਂ ਧਰਨਾ ਨਾ ਲੱਗਦਾ ਤਾਂ ਸ਼ਾਇਦ ਗੋਲੀ ਨਾ ਚੱਲਦੀ, ਅਤੇ ਜੇਕਰ ਗੋਲੀ ਨਾ ਚੱਲਦੀ ਤਾਂ ਉਨ੍ਹਾਂ ਦੀ ਸਰਕਾਰ ਨਾ ਜਾਂਦੀ। ਪਰ ਅਸਲ ਵਿੱਚ ਜਬਰ ਕਰਨ ਵਾਲੀ ਕੋਈ ਵੀ ਹਕੂਮਤ ਕਿਸੇ ਨਾ ਕਿਸੇ ਰੂਪ ਵਿੱਚ ਗਲਤੀ ਕਰ ਹੀ ਜਾਂਦੀ ਹੈ। ਇਹ ਜ਼ਰੂਰੀ ਨਹੀਂ ਕਿ ਧਰਨੇ-ਮੁਜ਼ਾਹਰੇ ਕਰਨ ਵਾਲੇ ਹੀ ਗਲਤ ਹੁੰਦੇ ਹਨ। ਸਰਦਾਰ ਪੀਰਮੁਹੰਮਦ ਨੇ ਜ਼ੋਰ ਦੇ ਕੇ ਕਿਹਾ ਕਿ ਧਰਨੇ-ਮੁਜ਼ਾਹਰੇ ਨਾ ਹੋਣ, ਇਸ ਲਈ ਸਰਕਾਰਾਂ ਨੂੰ ਆਪਣੇ ਪੱਧਰ 'ਤੇ ਆਪਣੀ ਨੀਅਤ ਅਤੇ ਨੀਤੀ ਸਹੀ ਰੱਖਣੀ ਚਾਹੀਦੀ ਹੈ। ਉਨ੍ਹਾਂ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਇਹਨਾਂ ਧਰਨਿਆਂ-ਮੁਜ਼ਾਹਰਿਆਂ ਵਿੱਚ ਹੀ ਕੌਮ ਦਾ ਅਨਮੋਲ ਸਰਮਾਇਆ—ਚਾਹੇ ਉਹ ਭਾਈ ਦਰਸ਼ਨ ਸਿੰਘ ਲੋਹਾਰਾ ਹੋਣ, ਨੌਜਵਾਨ ਜਸਪਾਲ ਸਿੰਘ ਚੌੜ ਸਿੱਧਵਾ ਹੋਣ, ਭਾਈ ਕਰਮਜੀਤ ਸਿੰਘ ਸੁਨਾਮ ਹੋਣ ਜਾਂ ਭਾਈ ਕ੍ਰਿਸ਼ਨ ਭਗਵਾਨ ਸਿੰਘ ਤੇ ਭਾਈ ਗੁਰਜੀਤ ਸਿੰਘ ਹੋਣ—ਸਾਡੇ ਕੋਲੋਂ ਖੋਹ ਲਿਆ ਗਿਆ। ਉਨ੍ਹਾਂ ਆਖਿਆ ਕਿ ਅੱਜ ਸਿੱਖ ਕੌਮ ਅਤੇ ਪੰਜਾਬੀਆਂ ਦੇ ਜ਼ਖ਼ਮਾਂ 'ਤੇ ਮੱਲ੍ਹਮ ਲਗਾਉਣ ਦੀ ਲੋੜ ਹੈ, ਨਾ ਕਿ ਮਿਰਚਾਂ ਪਾਉਣ ਦੀ। ਧਰਨਿਆਂ-ਮੁਜ਼ਾਹਰਿਆਂ 'ਤੇ ਪਾਬੰਦੀਆਂ ਸਿਰਫ਼ ਡਿਕਟੇਟਰ ਸਰਕਾਰਾਂ ਹੀ ਲਗਾ ਸਕਦੀਆਂ ਹਨ ਅਤੇ ਡਿਕਟੇਟਰ ਸਰਕਾਰਾਂ ਨੂੰ ਲੋਕਾਂ ਨੇ ਕਦੇ ਪ੍ਰਵਾਨ ਨਹੀਂ ਕੀਤਾ। ਸੱਤਾ ਦੀ ਮਦਹੋਸ਼ੀ ਵਿੱਚ ਕੀਤੀਆਂ ਗਲਤੀਆਂ ਦਾ ਮੁੱਲ ਹਕੂਮਤਾਂ ਨੂੰ ਬਹੁਤ ਵੱਡੇ ਪੱਧਰ 'ਤੇ ਚੁਕਾਉਣਾ ਪੈਂਦਾ ਹੈ। ਅੰਤ ਵਿੱਚ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਸਲਾਹ ਦਿੱਤੀ ਕਿ ਉਹ ਮੀਡੀਆ ਮੈਨੇਜਮੈਂਟ ਦੇ ਲੋਕਾਂ ਵੱਲੋਂ ਤਿਆਰ ਕੀਤੀਆਂ ਸਕ੍ਰਿਪਟਾਂ 'ਤੇ ਕੰਮ ਕਰਕੇ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕਰਨ ਦੀ ਥਾਂ ਬੀਤੇ ਸਮੇਂ ਤੋਂ ਸਬਕ ਸਿੱਖੇ।

ਆਵਾਜ਼ਿ ਕੌਮ AWAZE QAUM International Newspaper & WEB TV